ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/


YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 17 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੩ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ਼੍ਰੋਮਣੀ ਕਮੇਟੀ ਨੇ ਸੱਦੀ ਅੰਤ੍ਰਿੰਗ ਕਮੇਟੀ ਉਚੇਚੀ ਇਕੱਤਰਤਾ





**ਅੰਮ੍ਰਿਤਸਰ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਉਚੇਚੀ ਇਕੱਤਰਤਾ 20 ਜੂਨ ਨੂੰ ਹੋਵੇਗੀ। ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ 'ਚ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੰਤ੍ਰਿੰਗ ਕਮੇਟੀ ਦੀ ਉਚੇਚੀ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਅੰਮ੍ਰਿਤਸਰ ਵਿਖੇ 20 ਜੂਨ 2026 ਨੂੰ ਦੁਪਹਿਰ 12 ਵਜੇ ਬੁਲਾਈ ਗਈ ਹੈ। ਉਨ੍ਹਾਂ ਦੱਸਿਆ ਕਿ ਇਕੱਤਰਤਾ ਸਬੰਧੀ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਤੇ ਅੰਤ੍ਰਿੰਗ ਕਮੇਟੀ ਮੈਂਬਰ ਸਾਹਿਬਾਨ ਨੂੰ ਪੱਤਰ ਭੇਜ ਦਿੱਤੇ ਗਏ ਹਨ।

### ਭਾਖੜਾ ਡੈਮ 'ਚ ਲਗਾਤਾਰ ਵਧ ਰਿਹਾ ਪਾਣੀ ਦਾ ਪੱਧਰ

# 'ਸਤਲੁਜ ਕੰਢੇ ਵਸਦੇ ਲੋਕ ਸਾਵਧਾਨ ਰਹਿਣ'

**ਚੰਡੀਗੜ੍ਹ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਗਰਮੀ ਦੇ ਮੌਸਮ ਦੌਰਾਨ ਪਹਾੜਾਂ ਵਿੱਚ ਪਈ ਬਰਫ਼ ਲਗਾਤਾਰ ਪਿਘਲ ਰਹੀ ਹੈ, ਜਿਸ ਕਾਰਨ ਭਾਖੜਾ ਡੈਮ ਦੇ ਪਿੱਛੇ ਬਣੀ ਗੋਬਿੰਦ ਸਾਗਰ ਝੀਲ ਵਿੱਚ ਪਾਣੀ ਦੀ ਆਮਦ ਵਿੱਚ ਵਾਧਾ ਹੋ ਰਿਹਾ ਹੈ। ਪਿਘਲੀ ਹੋਈ ਬਰਫ਼ ਦਾ ਪਾਣੀ ਗੋਬਿੰਦ ਸਾਗਰ ਝੀਲ ਵਿੱਚ ਇਕੱਠਾ ਹੋਣ ਨਾਲ ਭਾਖੜਾ ਡੈਮ ਦਾ ਜਲ ਪੱਧਰ ਲਗਾਤਾਰ ਉੱਪਰ ਚੜ੍ਹ ਰਿਹਾ ਹੈ। ਗਰਮੀ ਦੇ ਸੀਜ਼ਨ ਦੌਰਾਨ ਪਾਣੀ ਅਤੇ ਬਿਜਲੀ ਦੀ ਮੰਗ ਵੀ ਵਧ ਜਾਂਦੀ ਹੈ। ਇਸ ਨੂੰ ਧਿਆਨ ਵਿੱਚ ਰੱਖਦਿਆਂ ਬੀਬੀਐਮਬੀ ਪ੍ਰਸ਼ਾਸਨ ਵੱਲੋਂ ਆਪਣੇ ਸਹਿਯੋਗੀ ਸੂਬਿਆਂ ਦੀ ਮੰਗ ਨੂੰ ਪੂਰਾ ਕਰਨ ਲਈ ਭਾਖੜਾ ਡੈਮ ਦੇ ਸਾਰੇ ਟਰਬਾਈਨ ਚਲਾਏ ਜਾ ਰਹੇ ਹਨ। ਇਸ ਨਾਲ ਇੱਕ ਪਾਸੇ ਬਿਜਲੀ ਉਤਪਾਦਨ ਵਿੱਚ ਵਾਧਾ ਹੋ ਰਿਹਾ ਹੈ, ਜਦਕਿ ਦੂਜੇ ਪਾਸੇ ਟਰਬਾਈਨਾਂ ਰਾਹੀਂ ਨਿਕਲਣ ਵਾਲਾ ਪਾਣੀ ਸਹਿਯੋਗੀ ਸੂਬਿਆਂ ਦੀ ਸਿੰਚਾਈ ਅਤੇ ਪੀਣ ਵਾਲੇ ਪਾਣੀ ਦੀ ਲੋੜ ਨੂੰ ਵੀ ਪੂਰਾ ਕਰ ਰਿਹਾ ਹੈ। ਪੰਜਾਬ ਵਿੱਚ ਇਸ ਸਮੇਂ ਝੋਨੇ ਦਾ ਸੀਜ਼ਨ ਸ਼ੁਰੂ ਹੋ ਚੁੱਕਾ ਹੈ ਅਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਦਰਿਆਈ ਪਾਣੀ ਖੇਤਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਕਾਰਨ ਵੀ ਪਾਣੀ ਅਤੇ ਬਿਜਲੀ ਦੀ ਮੰਗ ਵਿੱਚ ਵਾਧਾ ਦੇਖਣ ਨੂੰ ਮਿਲ ਰਿਹਾ ਹੈ। ਪੰਜਾਬ ਰਾਜਨੀਤੀ ਭਾਖੜਾ ਡੈਮ 'ਤੇ ਅੱਜ ਸਵੇਰੇ 6 ਵਜੇ ਦਰਜ ਕੀਤੇ ਗਏ ਅੰਕੜਿਆਂ ਅਨੁਸਾਰ ਡੈਮ ਦਾ ਜਲ ਪੱਧਰ 1573.56 ਫੁੱਟ ਦਰਜ ਕੀਤਾ ਗਿਆ। ਗੋਬਿੰਦ ਸਾਗਰ ਝੀਲ ਵਿੱਚ ਪਾਣੀ ਦੀ ਆਮਦ 17256 ਕਿਊਸਿਕ ਦਰਜ ਕੀਤੀ ਹੈ ਜਦ ਕਿ ਭਾਖੜਾ ਡੈਮ ਤੋਂ ਧਰੂ ਟਰਵਾਈ ਨਾ ਦੁਬਾਰਾ 29106 ਕਿਊਸਿਕ ਪਾਣੀ ਦੀ ਮਾਤਰਾ ਛੱਡੀ ਜਾ ਰਹੀ ਹੈ। ਨੰਗਲ ਡੈਮ ਤੋਂ ਸ੍ਰੀ ਅਨੰਦਪੁਰ ਸਾਹਿਬ ਹਾਈਡਲ ਚੈਨਲ ਵਿੱਚ 10,150 ਕਿਊਸਿਕ ਅਤੇ ਨੰਗਲ ਹਾਈਡਲ ਚੈਨਲ ਵਿੱਚ 12,350 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿਛਲੇ ਕਈ ਦਿਨਾਂ ਤੋਂ ਸਤਲੁਜ ਦਰਿਆ ਵਿੱਚ ਵੀ ਪਾਣੀ ਦੇ ਛੱਡੇ ਜਾਣ ਦੀ ਮਾਤਰਾ ਵਿੱਚ ਵਾਧਾ ਕੀਤਾ ਗਿਆ ਹੈ। ਅੱਜ ਕਰੀਬ 8,000 ਕਿਊਸਿਕ ਪਾਣੀ ਸਤਲੁਜ ਦਰਿਆ ਵਿੱਚ ਛੱਡਿਆ ਗਿਆ। ਬੀਬੀਐਮਬੀ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਸਤਲੁਜ ਦਰਿਆ ਦੇ ਕੰਢੇ ਵਸਦੇ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਦਰਿਆ ਦੇ ਨੇੜੇ ਜਾਣ ਤੋਂ ਗੁਰੇਜ਼ ਕਰਨ ਅਤੇ ਲੋੜ ਪੈਣ 'ਤੇ ਸੁਰੱਖਿਅਤ ਅਤੇ ਉੱਚੀਆਂ ਥਾਵਾਂ 'ਤੇ ਰਹਿਣ। ਅਧਿਕਾਰੀਆਂ ਦਾ ਕਹਿਣਾ ਹੈ ਕਿ ਭਾਖੜਾ ਡੈਮ ਦਾ ਜਲ ਪੱਧਰ ਲਗਾਤਾਰ ਵਧ ਰਿਹਾ ਹੈ ਅਤੇ ਜੇਕਰ ਪਾਣੀ ਦੀ ਆਮਦ ਵਿੱਚ ਹੋਰ ਵਾਧਾ ਹੁੰਦਾ ਹੈ ਤਾਂ ਵਾਧੂ ਪਾਣੀ ਸਤਲੁਜ ਦਰਿਆ ਵਿੱਚ ਛੱਡਣਾ ਪੈ ਸਕਦਾ ਹੈ।



## ਮੌੜ ਮੰਡੀ ਬਲਾਸਟ ਕੇਸ : ਬੈਂਕ ਮੈਨੇਜਰ, ਡਾਕਟਰਾਂ ਸਮੇਤ 18 ਗਵਾਹਾਂ ਨੂੰ ਸੰਮਨ ਜਾਰੀ

**ਚੰਡੀਗੜ੍ਹ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਚੋਣਾਂ 2017 ਤੋਂ ਠੀਕ ਚਾਰ ਦਿਨ ਪਹਿਲਾਂ ਹੋਏ ਬਹੁਤ ਚਰਚਿਤ ਮੌੜ ਬੰਬ ਬਲਾਸਟ ਮਾਮਲੇ ਵਿੱਚ ਤਲਵੰਡੀ ਸਾਬੋ ਦੀ ਮਾਨਯੋਗ ਅਦਾਲਤ ਨੇ ਕੜਾ ਰੁੱਖ ਅਖਤਿਆਰ ਕੀਤਾ ਹੈ। ਜੁਡੀਸ਼ੀਅਲ ਮੈਜਿਸਟਰੇਟ ਫਾਸਟ ਕਲਾਸ ਨੀਰਜ ਗੋਇਲ ਦੀ ਮਾਨਯੋਗ ਅਦਾਲਤ ਨੇ ਇਸ ਹਾਈ ਪ੍ਰੋਫਾਈਲ ਕੇਸ ਨੂੰ ਪਹਿਲ ਦੇ ਆਧਾਰ ਤੇ ਜਲਦੀ ਨਿਪਟਾਨ ਦੇ ਆਦੇਸ਼ ਦਿੱਤੇ ਹਨ। ਮਾਨਯੋਗ ਜੱਜ ਵੱਲੋਂ 18 ਮੁੱਖ ਗਵਾਹਾਂ ਨੂੰ ਸੰਮਨ ਅਤੇ ਨੋਟਿਸ ਜਾਰੀ ਕਰਕੇ ਅਗਲੀ ਸੁਣਵਾਈ 'ਤੇ ਤਲਬ ਕੀਤਾ ਹੈ। ਪੰਜਾਬ ਰਾਜਨੀਤੀ ਅਦਾਲਤੀ ਆਦੇਸ਼ ਅਨੁਸਾਰ ਇਸ ਕੇਸ ਵਿੱਚ ਕੁੱਲ 33 ਗਵਾਹਾਂ ਦੇ ਬਿਆਨ ਦਰਜ ਕੀਤੇ ਜਾ ਚੁੱਕੇ ਹਨ ਹਾਲਾਂਕਿ ਸੋਮਵਾਰ ਨੂੰ ਸੁਣਵਾਈ ਦੌਰਾਨ ਅਦਾਲਤ ਵਿੱਚ ਕੋਈ ਵੀ ਗਵਾਹ ਮੌਜੂਦ ਨਹੀਂ ਸੀ। ਮਾਨਯੋਗ ਅਦਾਲਤ ਵੱਲੋਂ ਜਿੰਨਾ 18 ਗਵਾਹਾਂ ਨੂੰ ਸੰਮਣ ਜਾਰੀ ਕੀਤੇ ਗਏ ਹਨ ਉਹ ਇਸ ਪੂਰੇ ਬਲਾਸਟ ਦੀ ਕੜੀ ਨਾਲ ਜੁੜਨ ਵਿੱਚ ਅਹਿਮ ਮੰਨੇ ਜਾ ਰਹੇ ਹਨ, ਕਥਿਤ ਆਰੋਪੀਆਂ ਦੁਆਰਾ ਪੈਸੇ ਦੇ ਲੈਣਦੇਨ ਬੈਂਕ ਖਾਤੇ ਕੇ ਰਿਕਾਰਡ ਲਈ ਬੈਂਕ ਮੈਨੇਜਰ ਨੂੰ ਤਲਬ ਕੀਤਾ ਗਿਆ ਹੈ ਸਿਰਸਾ ਅਤੇ ਆਸ ਪਾਸ ਦੇ ਇਲਾਕਿਆਂ ਦੇ ਦੁਕਾਨਦਾਰ ਜਿਨਾਂ ਨੂੰ ਬਲਾਸਟ ਵਿੱਚ ਇਸਤੇਮਾਲ ਕੀਤੀ ਗਈ ਸਫੈਦ ਮਰੂਤੀ 800 ਨੂੰ ਮੋਡੀਫਾਈ ਕਰਨ ਇਸ ਦਾ ਕਵਾੜ ਅਤੇ ਸਪੇਅਰ ਪਾਰਟ ਵੇਚਣ ਵੇਚਿਆ ਸੀ ਅਤੇ ਹਾਦਸੇ ਵਿੱਚ ਤੁਰੰਤ ਬਠਿੰਡਾ ਦੇ ਸਿਵਲ ਹਸਪਤਾਲ ਲੈ ਕੇ ਗਏ ਜ਼ਖਮੀ ਦਾ ਇਲਾਜ ਕਰਨ ਵਾਲੇ ਅਤੇ ਮ੍ਰਿਤਕਾਂ ਦਾ ਪੋਸਟਮਾਰਟਮ ਕਰਨ ਵਾਲੇ ਦੋ ਡਾਕਟਰਾਂ ਨੂੰ ਵੀ ਬੁਲਾਇਆ ਗਿਆ ਹੈ। ਇਸ ਮਾਮਲੇ ਦੀ ਸੁਣਵਾਈ ਹੁਣ 9 ਜੁਲਾਈ 2026 ਨੂੰ ਹੋਵੇਗੀ।



## ਜੰਮੂ-ਕਸ਼ਮੀਰ ਪੁਲਸ ਦੀ ਅੰਮ੍ਰਿਤਸਰ 'ਚ ਰੇਡ, ਏ. ਕੇ.-47 ਨਾਲ 2 ਮੁੰਡੇ ਗ੍ਰਿਫਤਾਰ



**ਅੰਮ੍ਰਿਤਸਰ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੀ ਡਰੀਮ ਸਿਟੀ ਕਲੋਨੀ 'ਚ ਅੱਜ ਸਵੇਰੇ ਜੰਮੂ-ਕਸ਼ਮੀਰ ਪੁਲਸ ਅਤੇ ਅੰਮ੍ਰਿਤਸਰ ਦਿਹਾਤੀ ਪੁਲਸ ਵੱਲੋਂ ਸਾਂਝਾ ਸਰਚ ਆਪਰੇਸ਼ਨ ਚਲਾਇਆ ਗਿਆ। ਇਸ ਦੌਰਾਨ ਇੱਕ ਫਲੈਟ 'ਚ ਛਾਪੇਮਾਰੀ ਕਰਕੇ ਪੁਲਸ ਨੇ ਦੋ ਨੌਜਵਾਨਾਂ ਨੂੰ ਹਿਰਾਸਤ 'ਚ ਲਿਆ ਹੈ। ਛਾਪੇਮਾਰੀ ਦੌਰਾਨ ਇਕ ਏਕੇ-47 ਰਾਈਫਲ, ਇਕ ਪਿਸਤੌਲ ਅਤੇ ਕਰੀਬ 500 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ। ਸੂਤਰਾਂ ਮੁਤਾਬਕ ਜੰਮੂ ਪੁਲਸ ਨੂੰ ਇਕ ਵਾਰੰਟਸ਼ੁਦਾ ਵਿਅਕਤੀ ਸਬੰਧੀ ਖੁਫੀਆ ਜਾਣਕਾਰੀ ਮਿਲੀ ਸੀ, ਜਿਸ ਦੇ ਆਧਾਰ 'ਤੇ ਉਸ ਨੂੰ ਟਰੇਸ ਕਰਦਿਆਂ ਪੁਲਸ ਟੀਮ ਅੰਮ੍ਰਿਤਸਰ ਦੀ ਡਰੀਮ ਸਿਟੀ ਕਲੋਨੀ ਵਿਚ ਪਹੁੰਚੀ। ਇਸ ਤੋਂ ਬਾਅਦ ਜੰਮੂ ਪੁਲਸ ਤੇ ਅੰਮ੍ਰਿਤਸਰ ਦਿਹਾਤੀ ਪੁਲਸ ਨੇ ਸਾਂਝੇ ਤੌਰ 'ਤੇ ਫਲੈਟ ਵਿੱਚ ਰੇਡ ਕੀਤੀ। ਮੌਕੇ 'ਤੇ ਅੰਮ੍ਰਿਤਸਰ ਦਿਹਾਤੀ ਪੁਲਸ ਦੇ ਕਈ ਉੱਚ ਅਧਿਕਾਰੀ ਵੀ ਪਹੁੰਚੇ ਅਤੇ ਪੂਰੇ ਇਲਾਕੇ ਨੂੰ ਘੇਰ ਕੇ ਸਰਚ ਆਪਰੇਸ਼ਨ ਚਲਾਇਆ ਗਿਆ। ਘਟਨਾ ਤੋਂ ਬਾਅਦ ਡਰੀਮ ਸਿਟੀ ਕਲੋਨੀ ਵਿੱਚ ਦਹਿਸ਼ਤ ਅਤੇ ਸਹਿਮ ਦਾ ਮਾਹੌਲ ਬਣ ਗਿਆ ਹੈ। ਸਥਾਨਕ ਲੋਕਾਂ ਵਿੱਚ ਚਰਚਾ ਹੈ ਕਿ ਕਿਰਾਏ ਦੇ ਫਲੈਟ ਵਿੱਚ ਹਥਿਆਰ ਅਤੇ ਨਸ਼ਾ ਮਿਲਣਾ ਸੁਰੱਖਿਆ ਪੱਖੋਂ ਵੱਡੀ ਚਿੰਤਾ ਦਾ ਵਿਸ਼ਾ ਹੈ। ਜਾਣਕਾਰੀ ਅਨੁਸਾਰ ਇਹ ਪਰਿਵਾਰ ਡਰੀਮ ਸਿਟੀ ਕਲੋਨੀ 'ਚ ਕਿਰਾਏ 'ਤੇ ਰਹਿ ਰਿਹਾ ਸੀ। ਪੁਲਸ ਵੱਲੋਂ ਫਲੈਟ ਦੇ ਮਾਲਕ ਤੋਂ ਵੀ ਪੁੱਛਗਿੱਛ ਕੀਤੀ ਜਾ ਰਹੀ ਹੈ ਕਿ ਕਿਰਾਏਦਾਰਾਂ ਦੀ ਪੁਸ਼ਟੀ ਅਤੇ ਪੁਲਸ ਵੈਰੀਫਿਕੇਸ਼ਨ ਕਰਵਾਈ ਗਈ ਸੀ ਜਾਂ ਨਹੀਂ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਡੀਐੱਸਪੀ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਜੰਮੂ-ਕਸ਼ਮੀਰ ਅਤੇ ਪੰਜਾਬ ਪੁਲਸ ਦਾ ਇਹ ਇੱਕ ਸਾਂਝਾ ਆਪਰੇਸ਼ਨ ਸੀ। ਉਨ੍ਹਾਂ ਕਿਹਾ ਕਿ ਜੰਮੂ ਪੁਲਸ ਦੀ ਇਨਪੁੱਟ ਦੇ ਆਧਾਰ 'ਤੇ ਡਰੀਮ ਸਿਟੀ ਦੇ ਇੱਕ ਘਰ 'ਚ ਰੇਡ ਕੀਤੀ ਗਈ, ਜਿੱਥੋਂ ਦੋ ਨੌਜਵਾਨਾਂ ਨੂੰ ਕਾਬੂ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਨੌਜਵਾਨਾਂ ਦੀ ਪਛਾਣ ਸੂਰਜਦੀਪ ਸਿੰਘ ਵਾਸੀ ਸ਼ੇਖਪੁਰਾ ਅਤੇ ਹਰਪ੍ਰੀਤ ਸਿੰਘ ਵਾਸੀ ਦੇਵੀਦਾਸਪੁਰਾ ਵਜੋਂ ਹੋਈ ਹੈ। ਪੁਲਸ ਨੇ ਦੋਵਾਂ ਨੌਜਵਾਨਾਂ ਦੀਆਂ ਗੱਡੀਆਂ ਨੂੰ ਵੀ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਪੁਲਸ ਦਾ ਕਹਿਣਾ ਹੈ ਕਿ ਇਸ ਮਾਮਲੇ ਵਿੱਚ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ ਅਤੇ ਪੂਰੇ ਨੈੱਟਵਰਕ ਦੀ ਜਾਂਚ ਕੀਤੀ ਜਾ ਰਹੀ ਹੈ।

## ਕਰਜ਼ੇ ਦੇ ਸਿਰ 'ਤੇ ਚੱਲ ਰਹੀ ਪੰਜਾਬ ਸਰਕਾਰ ! ਹੁਣ 1 ਹਜ਼ਾਰ ਕਰੋੜ ਰੁਪਏ ਦਾ ਹੋਰ ਚੁੱਕੇਗੀ ਕਰਜ਼ਾ






**ਚੰਡੀਗੜ੍ਹ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵਿੱਤੀ ਸਾਲ 2026-27 ਦੇ ਤੀਜੇ ਮਹੀਨੇ, ਜੂਨ ਵਿੱਚ ਬਾਜ਼ਾਰ ਤੋਂ 1,000 ਕਰੋੜ ਰੁਪਏ ਦਾ ਮੁੜ ਤੋਂ ਕਰਜ਼ੇ ਲੈਣ ਦੀ ਤਿਆਰੀ ਕਰ ਰਹੀ ਹੈ। ਜਿਸ ਨਾਲ ਪੰਜਾਬ ਦੇ ਸਿਰ ਕਰਜ਼ੇ ਦੀ ਪੰਡ ਹੋ ਵੀ ਜਿਆਦਾ ਭਾਰੀ ਹੋ ਜਾਵੇਗੀ। ਦੱਸ ਦਈਏ ਕਿ ਇਸ ਨਵੇਂ ਕਰਜ਼ੇ ਦੇ ਨਾਲ ਵਿੱਤੀ ਸਾਲ ਦੇ ਪਹਿਲੇ ਤਿੰਨ ਮਹੀਨਿਆਂ ਵਿੱਚ ਸੂਬੇ ਦਾ ਕੁੱਲ ਕਰਜ਼ਾ 6,300 ਕਰੋੜ ਰੁਪਏ ਹੋ ਜਾਵੇਗਾ।


ਦੱਸ ਦਈਏ ਕਿ ਸਰਕਾਰ ਨੇ ਅਪ੍ਰੈਲ ਵਿੱਚ 2,800 ਕਰੋੜ ਰੁਪਏ ਅਤੇ ਮਈ ਵਿੱਚ 2,500 ਕਰੋੜ ਰੁਪਏ ਉਧਾਰ ਲਏ ਸਨ। ਇਹ ਨਵਾਂ 1,000 ਰੁਪਏ ਕਰੋੜ ਕਰਜ਼ਾ ਸੱਤ ਸਾਲਾਂ ਦੀ ਮਿਆਦ ਲਈ ਇਕੱਠਾ ਕੀਤਾ ਜਾ ਰਿਹਾ ਹੈ ਅਤੇ ਇਸਦੀ ਵਰਤੋਂ ਪੂੰਜੀ ਖਰਚ, ਵਿਕਾਸ ਕਾਰਜਾਂ ਅਤੇ ਵੱਖ-ਵੱਖ ਯੋਜਨਾਵਾਂ ਨੂੰ ਲਾਗੂ ਕਰਨ ਲਈ ਕੀਤੀ ਜਾਵੇਗੀ।

ਪੰਜਾਬ ਚਾਲੂ ਵਿੱਤੀ ਸਾਲ ਦੌਰਾਨ 43,798.38 ਕਰੋੜ ਰੁਪਏ ਉਧਾਰ ਲੈਣ ਦੀ ਯੋਜਨਾ ਬਣਾ ਰਿਹਾ ਹੈ। ਸੂਬੇ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦਾਅਵਾ ਕੀਤਾ ਸੀ ਕਿ ਪੰਜਾਬ ਦੀ ਵਿੱਤੀ ਸਥਿਤੀ ਵਿੱਚ ਸੁਧਾਰ ਹੋ ਰਿਹਾ ਹੈ, ਅਤੇ ਸਾਰੇ ਕਰਜ਼ੇ ਨਿਰਧਾਰਤ ਉਧਾਰ ਸੀਮਾ ਦੇ ਅੰਦਰ ਲਏ ਜਾ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਫੰਡਾਂ ਦਾ ਇੱਕ ਮਹੱਤਵਪੂਰਨ ਹਿੱਸਾ ਮੌਜੂਦਾ ਕਰਜ਼ਿਆਂ ਦੇ ਮੂਲ ਅਤੇ ਵਿਆਜ ਦੀ ਅਦਾਇਗੀ ਲਈ ਵਰਤਿਆ ਜਾ ਰਿਹਾ ਹੈ। ਪੰਜਾਬ ਰਾਜਨੀਤੀ

ਇਹ ਨਵਾਂ ਕਰਜ਼ਾ ਉਦੋਂ ਆਇਆ ਹੈ ਜਦੋਂ ਰਾਜ ਸਰਕਾਰ 1 ਜੁਲਾਈ ਨੂੰ ਔਰਤਾਂ ਲਈ ਆਪਣੀ ਪ੍ਰਮੁੱਖ ਯੋਜਨਾ, 'ਮੁੱਖ ਮੰਤਰੀ ਮਵਨ ਧਿਆਨ ਸਤਿਕਾਰ ਯੋਜਨਾ' ਸ਼ੁਰੂ ਕਰਨ ਦੀ ਤਿਆਰੀ ਕਰ ਰਹੀ ਹੈ। ਇਸ ਯੋਜਨਾ ਦੇ ਤਹਿਤ, ਜਨਰਲ ਸ਼੍ਰੇਣੀ ਦੀਆਂ ਸਾਰੀਆਂ ਔਰਤਾਂ ਨੂੰ 1,000 ਰੁਪਏ ਦਾ ਮਹੀਨਾਵਾਰ ਭੱਤਾ ਮਿਲੇਗਾ, ਜਦਕਿ ਅਨੁਸੂਚਿਤ ਜਾਤੀ ਸ਼੍ਰੇਣੀ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਮਿਲੇਗਾ।

## ਰੰਗੇ ਬਿੱਲੇ ਨੂੰ ਕਹਿ ਦਿਓ, ਟਾਈਗਰ ਜਿਉਂਦਾ ਹੈ, ਸੱਚ ਦੀ ਆਵਾਜ਼ ਨਾ ਕਦੇ ਝੁਕੀ ਸੀ, ਨਾ ਝੁਕੇਗੀ : ਬਿਕਰਮ ਸਿੰਘ ਮਜੀਠੀਆ

**ਅੰਮ੍ਰਿਤਸਰ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਅਦਾਲਤ ਵੱਲੋਂ ਜ਼ਮਾਨਤ ਮਿਲਣ ਉਪਰੰਤ ਅਕਾਲ ਪੁਰਖ ਵਾਹਿਗੁਰੂ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ, ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਅਤੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਕੋਟਾਨ-ਕੋਟ ਸ਼ੁਕਰਾਨਾ ਅਦਾ ਕਰਦਿਆਂ ਕਿਹਾ ਕਿ ਇਹ ਗੁਰੂ ਸਾਹਿਬ ਦੀ ਅਪਾਰ ਕਿਰਪਾ, ਸੰਗਤ ਦੀਆਂ ਅਰਦਾਸਾਂ ਅਤੇ ਸੱਚ ਦੀ ਤਾਕਤ ਦੀ ਜਿੱਤ ਹੈ। ਜਮਾਨਤ ਮਿਲਣ ਤੋਂ ਬਾਅਦ ਬਿਕਰਮ ਮਜੀਠੀਆ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਉਹਨਾਂ ਨੂੰ ਸਿਆਸੀ ਬਦਲਾਖੋਰੀ ਦਾ ਨਿਸ਼ਾਨਾ ਬਣਾਇਆ ਗਿਆ, ਝੂਠੇ ਇਲਜ਼ਾਮ ਲਗਾਏ ਗਏ, ਪਰਚੇ ਦਰਜ ਕੀਤੇ ਗਏ ਅਤੇ ਹਰ ਸੰਭਵ ਕੋਸ਼ਿਸ਼ ਕੀਤੀ ਗਈ ਕਿ ਉਹਨਾਂ ਦੀ ਆਵਾਜ਼ ਨੂੰ ਦਬਾਇਆ ਜਾ ਸਕੇ। ਪਰ ਗੁਰੂ ਸਾਹਿਬ ਦੀ ਮਿਹਰ ਅਤੇ ਲੋਕਾਂ ਦੇ ਵਿਸ਼ਵਾਸ ਨੇ ਹਰ ਸਾਜ਼ਿਸ਼ ਨੂੰ ਨਾਕਾਮ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੀ ਜਿੱਤ ਕਿਸੇ ਇੱਕ ਵਿਅਕਤੀ ਦੀ ਜਿੱਤ ਨਹੀਂ, ਸਗੋਂ ਉਹਨਾਂ ਲੱਖਾਂ ਵਰਕਰਾਂ, ਨੌਜਵਾਨਾਂ, ਮਾਵਾਂ-ਭੈਣਾਂ ਅਤੇ ਪੰਜਾਬ ਦੇ ਆਮ ਲੋਕਾਂ ਦੀ ਜਿੱਤ ਹੈ ਜਿਨ੍ਹਾਂ ਨੇ ਧੱਕੇਸ਼ਾਹੀ ਦੇ ਬਾਵਜੂਦ ਸੱਚ ਦਾ ਸਾਥ ਨਹੀਂ ਛੱਡਿਆ ਪੰਜਾਬ ਦੇ ਕੋਨੇ ਕੋਨੇ ਤੋ ਵਰਕਰਾਂ ਅਤੇ ਆਮ ਲੋਕਾਂ ਦੀ ਆਵਾਜ਼ ਆ ਰਹੀ ਸੀ ਲੇਕਿਨ ਜਿਹੜੇ ਵਰਕਰਾਂ ਦੇ ਘਰਾਂ ਵਿੱਚ ਛਾਪੇ ਪਏ, ਜਿਨ੍ਹਾਂ ਨੂੰ ਧਮਕਾਇਆ ਗਿਆ, ਜਿਨ੍ਹਾਂ ਉੱਤੇ ਪਰਚੇ ਕੀਤੇ ਗਏ, ਜਿਨ੍ਹਾਂ ਦੇ ਪਰਿਵਾਰਾਂ ਨੇ ਤਕਲੀਫ਼ਾਂ ਸਹੀਆਂ — ਅੱਜ ਦੀ ਜਿੱਤ ਸਭ ਤੋਂ ਪਹਿਲਾਂ ਉਹਨਾਂ ਦੀ ਹੈ। ਮਜੀਠੀਆ ਨੇ ਕਿਹਾ ਕਿ ਉਹ ਆਪਣੇ ਹਰ ਵਰਕਰ ਅੱਗੇ ਸਿਰ ਝੁਕਾ ਕੇ ਨਮਨ ਕਰਦੇ ਹਨ, ਕਿਉਂਕਿ ਔਖੇ ਸਮੇਂ ਵਿੱਚ ਜਦੋਂ ਬਹੁਤ ਸਾਰੇ ਲੋਕ ਪਿੱਛੇ ਹਟ ਜਾਂਦੇ ਹਨ, ਉਦੋਂ ਅਸਲ ਸਾਥੀ ਹੀ ਮੈਦਾਨ ਵਿੱਚ ਡਟੇ ਰਹਿੰਦੇ ਹਨ। "ਮੇਰੇ ਵਰਕਰਾਂ ਨੇ ਸਿਰਫ਼ ਮੇਰਾ ਨਹੀਂ, ਸੱਚ ਅਤੇ ਇਨਸਾਫ਼ ਦਾ ਸਾਥ ਦਿੱਤਾ ਹੈ। ਇਤਿਹਾਸ ਗਵਾਹ ਰਹੇਗਾ ਕਿ ਧੱਕੇਸ਼ਾਹੀ ਦੇ ਦੌਰ ਵਿੱਚ ਵੀ ਉਹ ਡਰੇ ਨਹੀਂ, ਝੁਕੇ ਨਹੀਂ ਅਤੇ ਵਿਕੇ ਨਹੀਂ।" ਪੰਜਾਬ ਰਾਜਨੀਤੀ ਉਨ੍ਹਾਂ ਕਿਹਾ ਕਿ ਇਹ ਲੜਾਈ ਸਿਰਫ਼ ਬਿਕਰਮ ਮਜੀਠੀਆ ਦੀ ਨਹੀਂ ਸੀ। ਇਹ ਉਹਨਾਂ ਹਜ਼ਾਰਾਂ ਪਰਿਵਾਰਾਂ ਦੀ ਲੜਾਈ ਹੈ ਜੋ ਸਿਆਸੀ ਬਦਲਾਖੋਰੀ ਦਾ ਸ਼ਿਕਾਰ ਹੋਏ, ਉਹਨਾਂ ਨੌਜਵਾਨਾਂ ਦੀ ਲੜਾਈ ਹੈ ਜਿਨ੍ਹਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕੀਤੀ ਗਈ ਅਤੇ ਉਹਨਾਂ ਪੰਜਾਬੀਆਂ ਦੀ ਲੜਾਈ ਹੈ ਜੋ ਅੱਜ ਵੀ ਇਨਸਾਫ਼ ਦੀ ਉਮੀਦ ਨਾਲ ਖੜ੍ਹੇ ਹਨ।




ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਅਤੇ
42ਵੇਂ ਸ਼ਹੀਦੀ ਸਮਾਗਮ
18, 19, 20 ਅਤੇ 21 ਜੂਨ
1984 ਵਿੱਚ ਸ਼ਹੀਦ ਹੋਏ ਸਿੰਘ ਸਿੰਘਣੀਆਂ ਦੀ ਯਾਦ ਵਿੱਚ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਅਤੇ ਯੂ. ਕੇ. ਦੇ ਸਮੂਹ
ਦਮਦਮੀ ਟਕਸਾਲ ਦੇ ਵਿਦਿਆਰਥੀ, ਸਿੱਖ ਸੰਗਤਾਂ ਅਤੇ ਪ੍ਰਬੰਧਕ ਕਮੇਟੀਆਂ ਵਲੋਂ ਮਹਾਨ ਸ਼ਹੀਦੀ ਸਮਾਗਮ ਕਰਵਾਏ ਜਾ ਰਹੇ ਹਨ |
ਗੁਰੂ ਨਾਨਕ ਗੁਰਦੁਆਰਾ ਵਿਲਨਹਾਲ, 65-67 ਵਾਲਸਲ ਰੋਡ WV13 2RD
ਸ੍ਰੀ ਅਖੰਡ ਪਾਠ ਸਾਹਿਬ
ਆਰੰਭ ਸ਼ੁੱਕਰਵਾਰ 19 ਜੂਨ - 10 ਵਜੇ ਅਤੇ ਭੋਗ ਐਤਵਾਰ 21 ਜੂਨ - 10 ਵਜੇ
ਦੀਵਾਨ
ਵੀਰਵਾਰ ਤੋਂ ਸ਼ਨੀਵਾਰ (ਸ਼ਾਮ 6 ਵਜੇ ਤੋਂ 9 ਵਜੇ), ਐਤਵਾਰ 11 ਵਜੇ ਤੋਂ 3 ਵਜੇ
ਅੰਮ੍ਰਿਤ ਸੰਚਾਰ ਸ਼ਨੀਵਾਰ 20 ਜੂਨ 2026
ਸੰਤ ਬਾਬਾ ਅਵਤਾਰ ਸਿੰਘ ਜੀ (ਬੱਧਨੀ ਕਲਾਂ)
ਕੀਰਤਨ, ਭਾਈ ਗੁਰਿੰਦਰ ਸਿੰਘ ਜੀ ਬਟਾਲੇ ਵਾਲੇ
ਕੀਰਤਨ, ਭਾਈ ਬਲਵਿੰਦਰ ਸਿੰਘ ਜੀ ਲਾਡੀ
ਕੀਰਤਨ, ਭਾਈ ਗਗਨਦੀਪ ਸਿੰਘ ਜੀ
ਕਵੀਸ਼ਰੀ, ਜਾਗੋਵਾਲਾ ਜਥਾ
ਢਾਡੀ, ਬਿਕਰਮਜੀਤ ਸਿੰਘ ਜੀ ਜੋੜਾ
ਸਮੂਹ ਸਾਧ ਸੰਗਤ ਜੀ ਦੇ ਚਰਨਾਂ ਵਿੱਚ ਨਿਮਰਤਾ ਸਹਿਤ ਬੇਨਤੀ ਹੈ ਕਿ ਆਪ ਜੀ ਆਪਣੇ ਪਰਿਵਾਰਾਂ ਸਮੇਤ ਸਮਾਗਮਾਂ ਵਿੱਚ ਹਾਜ਼ਰੀ ਭਰ ਕੇ
ਸਮੂਹ ਸ਼ਹੀਦ ਅਤੇ ਸਿੰਘਣੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ
ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ)
LIVE
PBC

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਕਾਂਝਲਾ ਨੇ ਪੇਧਨੀ ਤੋਂ

# ਮੁੱਖ ਮੰਤਰੀ ਤੀਰਥ ਯਾਤਰਾ ਅਧੀਨ ਬੱਸ ਰਵਾਨਾ ਕੀਤੀ



**ਧੂਰੀ (ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਪੇਧਨੀ ਦੀ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਪੇਧਨੀ ਕਲਾਂ ਤੋਂ ਸੰਗਤਾਂ ਨੂੰ ਗੁਰਦੁਆਰਿਆਂ ਲਈ ਦਰਸ਼ਨਾਂ ਲਈ ਬੱਸ ਨੂੰ ਰਵਾਨਾ ਕਰਦਿਆਂ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਪੰਜਾਬ ਸਰਕਾਰ ਦੀ ਇੱਕ ਲੋਕ-ਪੱਖੀ ਪਹਿਲ ਹੈ, ਜਿਸ ਤਹਿਤ ਸੂਬੇ ਦੇ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਤੇ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਸਕੀਮ ਦਾ ਉਦੇਸ਼ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਉਨ੍ਹਾਂ ਨੂੰ ਸੁਵਿਧਾਜਨਕ ਅਤੇ ਸੁਰੱਖਿਅਤ ਯਾਤਰਾ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਯਾਤਰਾ ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਦ ਯਾਤਰਾ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਸੇਵਾ ਲਈ ਵਚਨਬੱਧ ਹੈ ਅਤੇ ਅਜਿਹੀਆਂ ਲੋਕ-ਹਿੱਤ ਯੋਜਨਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ। ਇਸ ਮੌਕੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸਕੀਮ ਰਾਹੀਂ ਉਨ੍ਹਾਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਪ੍ਰਾਪਤ ਹੋਇਆ ਹੈ। ਇਸ ਮੌਕੇ ਸਰਪੰਚ ਮੱਖਣ ਸਿੰਘ, ਨੰਬਰਦਾਰ ਰਜਿੰਦਰ ਸਿੰਘ ਪੇਧਨੀ ਅਤੇ ਸਮੂਹ ਗਰਾਮ ਪੰਚਾਇਤ ਦੇ ਮੈਂਬਰ ਹਾਜਰ ਸਨ।

### ਸੱਤਵੇਂ ਦਿਨ ਵੀ ਮੋਬਾਈਲ ਟਾਵਰ ’ਤੇ ਡਟਿਆ ਰਿਹਾ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ

# ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਲਗਾਤਾਰ ਕਰ ਰਹੇ ਨੇ ਧਰਨੇ ਦੀ ਹਮਾਇਤ



**ਧੂਰੀ ( ਰਣਜੀਤ ਸਿੰਘ ਪੇਧਨੀ )**-5994 ਕਾਡਰ ਈ.ਟੀ.ਟੀ. ਅਧਿਆਪਕਾਂ ’ਚੋਂ ਰਹਿੰਦੇ 2994 ਅਧਿਆਪਕਾਂ ਦੀ ਭਰਤੀ ਦਾ ਨੋਟੀਫ਼ਿਕੇਸ਼ਨ ਜਾਰੀ ਕਰਵਾਉਣ ਦੀ ਮੰਗ ਨੂੰ ਲੈ ਕੇ ਸਥਾਨਕ ਟੈਲੀਫੋਨ ਐਕਸਚੇਂਜ ਵਿੱਚ ਸਥਿਤ ਇੱਕ ਉੱਚੇ ਮੋਬਾਇਲ ਟਾਵਰ ’ਤੇ ਚੜ੍ਹਿਆ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ ਬਰਨਾਲਾ ਅੱਜ ਸੱਤਵੇਂ ਦਿਨ ਵੀ ਲਗਾਤਾਰ ਉੱਪਰ ਹੀ ਡਟਿਆ ਰਿਹਾ, ਆਪਣੇ ਸਾਥੀ ਦੀ ਜ਼ਿੰਦਗੀ ਨੂੰ ਖ਼ਤਰੇ ਵਿੱਚ ਦੇਖਦਿਆਂ ਅਤੇ ਸਰਕਾਰ ਦੇ ਵਤੀਰੇ ਤੋਂ ਖ਼ਫ਼ਾ ਹੋ ਕੇ ਬੇਰੁਜ਼ਗਾਰ ਅਧਿਆਪਕਾਂ ਨੇ ਧੂਰੀ ਸ਼ਹਿਰ ਦੇ ਬਾਜ਼ਾਰਾਂ ਵਿੱਚ ਪੈਦਲ ਰੋਸ ਮਾਰਚ ਕੱਢਿਆ। ਹੱਥਾਂ ਵਿੱਚ ਮੰਗਾਂ ਦੀਆਂ ਤਖ਼ਤੀਆਂ ਫੜੀ ਇਨ੍ਹਾਂ ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ ਦੇ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਸ਼ਹਿਰ ਨਿਵਾਸੀਆਂ ਨੇ ਵੀ ਅਧਿਆਪਕਾਂ ਦੇ ਇਸ ਸੰਘਰਸ਼ ਪ੍ਰਤੀ ਹਮਦਰਦੀ ਜਤਾਈ। ਇਹ ਰੋਸ ਮਾਰਚ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਗੁਜ਼ਰਦਾ ਹੋਇਆ ਅਖੀਰ ਮੁੱਖ ਮੰਤਰੀ ਦੇ ਕੈਂਪਸ ਦਫ਼ਤਰ ਵਿਖੇ ਪਹੁੰਚਿਆ, ਜਿੱਥੇ ਗੁੱਸੇ ਵਿੱਚ ਆਏ ਅਧਿਆਪਕਾਂ ਨੇ ਦਫ਼ਤਰ ਦੇ ਮੁੱਖ ਗੇਟ ਅੱਗੇ ਪੱਕਾ ਧਰਨਾ ਮਾਰ ਦਿੱਤਾ। ਯੂਨੀਅਨ ਮੈਂਬਰਾਂ ਨੇ ਕਿਹਾ ਕਿ ਸਰਕਾਰ ਘਰ-ਘਰ ਰੁਜ਼ਗਾਰ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪਰ ਯੋਗਤਾ ਰੱਖਣ ਦੇ ਬਾਵਜੂਦ ਨੌਜਵਾਨਾਂ ਨੂੰ ਹੱਕਾਂ ਲਈ ਟਾਵਰਾਂ ਤੇ ਚੜ੍ਹਨਾ ਪੈ ਰਿਹਾ ਹੈ।ਜੇਕਰ ਹਰਜੀਤ ਸਿੰਘ ਦਾ ਕੋਈ ਜਾਨੀ-ਮਾਲੀ ਨੁਕਸਾਨ ਹੁੰਦਾ ਹੈ, ਤਾਂ ਇਸ ਦੀ ਸਿੱਧੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਮੋਬਾਈਲ ਟਾਵਰ ’ਤੇ ਡਟੇ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ ਦੀ ਹਮਾਇਤ ’ਤੇ ਧਰਨਾ ਦਿੰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਧੂਰੀ ਦੇ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ ਅਤੇ ਉਸ ਦੇ ਸਾਥੀਆਂ ਦੀ ਹਮਾਇਤ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕੀਤੀ ਕਿ ਤੁਰੰਤ 2994 ਬੈਕਲਾਗ ਅਧਿਆਪਕਾਂ ਦੀ ਭਰਤੀ ਦਾ ਨੋਟੀਫ਼ਿਕੇਸ਼ਨ ਜਾਰੀ ਕੀਤਾ ਜਾਵੇ। ਇਸ ਮੌਕੇ ਸਹਿਰੀ ਪ੍ਰਧਾਨ ਸੰਜੀਵ ਕੁਮਾਰ ਪਿੰਟਾ, ਸਰਬਜੀਤ ਸਿੰਘ ਕਾਤਰੋਂ, ਸੱਤਾ ਕਾਂਝਲਾ ਹਾਜ਼ਰ ਸਨ।

# ਸਿੱਖੀ ਦੇ ਪ੍ਰਚਾਰ ਅਤੇ ਮਨੁੱਖਤਾ ਦੇ ਭਲੇ ਲਈ ਮਿਲ ਬੈਠੇ ਐਡਵੋਕੇਟ ਜੀਵਨ ਸਿੰਘ ਤਾਮਿਲ ਤੇ ਰਤਿੰਦਰ ਸਿੰਘ ਇੰਦੌਰ

### ਦੋ ਘੰਟਿਆਂ ਤੋਂ ਵੱਧ ਚੱਲੀ ਗੰਭੀਰ ਵਿਚਾਰ-ਚਰਚਾ, ‘‘ਫੂਲ ਜੋ ਲਹੂ ਮੇਂ ਖਿਲੇ’’ ਪੁਸਤਕ ਕੀਤੀ ਗਈ ਭੇਟ



**ਨਵੀਂ ਦਿੱਲੀ, 16 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਭਾਰਤੀ ਸਰਵਉੱਚ ਅਦਾਲਤ ਦੇ ਸੀਨੀਅਰ ਐਡਵੋਕੇਟ ਅਤੇ ਬਹੁਜਨ ਦ੍ਰਵਿੜ ਪਾਰਟੀ ਦੇ ਕੌਮੀ ਪ੍ਰਧਾਨ ਸਰਦਾਰ ਜੀਵਨ ਸਿੰਘ ਤਾਮਿਲ ਨੇ ਪਿਛਲੇ ਦਿਨੀਂ ਜਲੰਧਰ ਵਿਖੇ ਪੰਥਕ ਵਿਦਵਾਨ ਸਰਦਾਰ ਰਤਿੰਦਰ ਸਿੰਘ ਇੰਦੌਰ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਭਾਰਤੀ ਸੰਵਿਧਾਨ, ਨਿਆਂਪਾਲਿਕਾ, ਭਾਰਤੀ ਸਮਾਜ ਵਿੱਚ ਦਲਿਤਾਂ ਦੀ ਸਥਿਤੀ, ਪੰਜਾਬ ਦੀ ਸਿਆਸਤ, ਸਿੱਖ ਪੰਥ ਦੇ ਮੂਲ ਸਿਧਾਂਤ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ, ਰਹਿਤਨਾਮਿਆਂ, ਮੌਜੂਦਾ ਰਾਜਨੀਤਿਕ ਹਾਲਾਤ ਅਤੇ ਵਿਸ਼ਵ ਭਾਈਚਾਰੇ ਵਿੱਚ ਸਿੱਖਾਂ ਦੀ ਸਥਿਤੀ ਸਮੇਤ ਕਈ ਮਹੱਤਵਪੂਰਨ ਵਿਸ਼ਿਆਂ ਉੱਤੇ ਦੋ ਘੰਟਿਆਂ ਤੋਂ ਵੱਧ ਸਮੇਂ ਤੱਕ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਬਹੁਜਨ ਦ੍ਰਵਿੜ ਪਾਰਟੀ ਦੀ ਪੰਜਾਬ ਇਕਾਈ ਦੇ ਪ੍ਰਧਾਨ ਸਰਦਾਰ ਤੀਰਥ ਸਿੰਘ, ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਅਜਨਾਲਾ ਦੇ ਇੰਚਾਰਜ ਸੁਰਿੰਦਰਪਾਲ ਸਿੰਘ ਤਾਲਿਬਪੁਰਾ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ। ਮੁਲਾਕਾਤ ਦੌਰਾਨ ਐਡਵੋਕੇਟ ਜੀਵਨ ਸਿੰਘ ਤਾਮਿਲ ਨੇ ਸਿੱਖ ਧਰਮ ਅਤੇ ਭਾਰਤੀ ਸਮਾਜ ਨਾਲ ਸੰਬੰਧਿਤ ਹਿੰਦੀ ਭਾਸ਼ਾ ਵਿੱਚ ਲਿਖੀ ਆਪਣੀ ਪੁਸਤਕ “ਫੂਲ ਜੋ ਲਹੂ ਮੇਂ ਖਿਲੇ” ਸਰਦਾਰ ਰਤਿੰਦਰ ਸਿੰਘ ਇੰਦੌਰ ਨੂੰ ਆਪਣੇ ਦਸਤਖਤਾਂ ਸਮੇਤ ਭੇਟ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਉਹ ਆਪਣਾ ਬਾਕੀ ਜੀਵਨ ਸਿਆਸਤ ਤੋਂ ਉੱਪਰ ਉੱਠ ਕੇ ਪੰਜਾਬ ਵਿੱਚ ਸਿਰਫ਼ ਸਿੱਖੀ ਦੇ ਪ੍ਰਚਾਰ-ਪ੍ਰਸਾਰ ਲਈ ਸਮਰਪਿਤ ਕਰਨਾ ਚਾਹੁੰਦੇ ਹਨ। ਭਾਸ਼ਾਈ ਵੱਖਰਾਪਣ, ਤਾਮਿਲ, ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਦੇ ਬਾਵਜੂਦ ਵਿਚਾਰ-ਚਰਚਾ ਬਹੁਤ ਹੀ ਸਾਰਥਕ ਅਤੇ ਪ੍ਰਭਾਵਸ਼ਾਲੀ ਰਹੀ, ਜਿਸ ਨੂੰ ਹਾਜ਼ਰ ਸਾਰੇ ਸੱਜਣਾਂ ਨੇ ਬਹੁਤ ਚੰਗੀ ਤਰ੍ਹਾਂ ਸਮਝਿਆ ਅਤੇ ਸਰਾਹਿਆ। ਮਨੁੱਖਤਾ ਦੇ ਭਲੇ ਅਤੇ ਭਵਿੱਖ ਵਿੱਚ ਆਪਸੀ ਸਹਿਯੋਗ ਦੀ ਸੁਨਹਿਰੀ ਆਸ ਨਾਲ ਇਹ ਵਿਸ਼ੇਸ਼ ਮੀਟਿੰਗ ਸੰਪੰਨ ਹੋਈ।

# ਵੋਮੈਨ ਸੈਲ ਮਾਨਸਾ ਦੀ ਇੰਚਾਰਜ ਬੇਅੰਤ ਕੌਰ ਦੀ ਸੜਕ ਦੁਰਘਟਨਾ ’ਚ ਮੌਤ, ਅੱਧੀ ਰਾਤ ਵਾਪਰਿਆ ਹਾਦਸਾ



**ਤਲਵੰਡੀ ਸਾਬੋ, 16 ਜੂਨ (ਗੁਰਜੰਟ ਸਿੰਘ ਨਥੇਹਾ)**-ਮਾਨਸਾ-ਬਠਿੰਡਾ ਮੁੱਖ ਮਾਰਗ ਉੱਪਰ ਸਥਿਤ ਪਿੰਡ ਮਾਈਸਰਖਾਨਾ ਲਾਗੇ ਰਾਤ ਸਮੇਂ ਕਾਰ, ਇੱਕ ਭੂੰਗ ਵਾਲੀ ਟਰਾਲੀ ਨਾਲ ਟਕਰਾ ਕੇ ਦਰੱਖ਼ਤ ’ਚ ਵੱਜਣ ਨਾਲ ਵੋਮੈਨ ਸੈਲ ਮਾਨਸਾ ਦੀ ਇੰਚਾਰਜ ਇੰਸਪੈਕਟਰ ਬੇਅੰਤ ਕੌਰ ਦੀ ਮੌਤ ਹੋ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਉਹ ਰਾਤ ਵੇਲੇ ਮਾਨਸਾ ਡਿਊਟੀ ਕਰਕੇ ਆਪਣੀ ਕਾਰ ’ਤੇ ਪਿੰਡ ਮਾਈਸਰਖਾਨਾ ਪਰਤ ਰਹੇ ਸਨ। ਬੇਅੰਤ ਕੌਰ ਖੁਦ ਕਾਰ ਚਲਾ ਰਹੇ ਸਨ। ਪਿੰਡ ਮਾਈਸਰਖਾਨਾ ਲਾਗੇ ਉਨ੍ਹਾਂ ਦੀ ਕਾਰ ਪਹਿਲਾਂ ਭੂੰਗ ਵਾਲੀ ਟਰਾਲੀ ’ਚ ਵੱਜੀ ਤੇ ਫਿਰ ਸੰਤੁਲਤ ਗਵਾ ਕੇ ਦਰੱਖ਼ਤ ਨਾਲ਼ ਜਾ ਟਕਰਾਈ, ਜਿਸ ਵਿਚ ਇੰਸਪੈਕਟਰ ਬੇਅੰਤ ਕੌਰ ਇੰਚਾਰਜ ਵੋਮੈਨ ਸੈਲ ਮਾਨਸਾ ਦੀ ਮੌਕੇ ’ਤੇ ਹੀ ਮੌਤ ਹੋ ਗਈ। ਉਹਨਾਂ ਦੇ ਦੋ ਬੱਚੇ ਇਕ ਲੜਕਾ ਤੇ ਇਕ ਧੀ ਹਨ। ਪਤੀ ਖੇਤੀਬਾੜੀ ਕਰਦੇ ਹਨ। ਉਹ ਮਾਈਸਰਖਾਨਾ ਦੇ ਰਹਿਣ ਵਾਲੇ ਦੱਸੇ ਜਾਂਦੇ ਹਨ। ਪੁਲੀਸ ਨੇ ਲਾਸ਼ ਨੂੰ ਕਬਜ਼ੇ ਵਿਚ ਲੈਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਬਿਨਾਂ ਰਿਸ਼ਵਤ ਕੋਈ ਕੰਮ ਨਹੀਂ ਹੁੰਦਾ, ਆਮ ਲੋਕ ਖੱਟੇ-ਕੋਲੇ ਖਾਣ ਲਈ ਮਜਬੂਰ : ਜਸਵੀਰ ਸਿੰਘ ਭੁੱਲਰ

### ਆਪ ਆਗੂ ਸੁਖਰਾਜ ਸਿੰਘ ਗੋਰਾ ਦੀ ਜਨ ਸੁਣਵਾਈ ਨੇ ਖੋਲ੍ਹੀ ਸਰਕਾਰੀ ਦਾਅਵਿਆਂ ਦੀ ਪੋਲ, ਆਰ.ਟੀ.ਓ. ਦਫ਼ਤਰ ਚੋਂ ਅਧਿਕਾਰੀ ਗਾਇਬ : ਭੁੱਲਰ



**ਫ਼ਿਰੋਜ਼ਪੁਰ, 16 ਜੂਨ (ਮਨੋਹਰ ਲਾਲ) :—** ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਹਲਕਾ ਇੰਚਾਰਜ ਫਿਰੋਜ਼ਪੁਰ ਸ਼ਹਿਰ ਜਸਵੀਰ ਸਿੰਘ ਭੁੱਲਰ ਨੇ ਗੱਲਬਾਤ ਕਰਦਿਆਂ ਪੰਜਾਬ ਦੀ ਮੌਜੂਦਾ ਸਰਕਾਰ ਅਤੇ ਪ੍ਰਸ਼ਾਸਨਿਕ ਢਾਂਚੇ ਤੇ ਤਿੱਖੇ ਨਿਸ਼ਾਨੇ ਸਾਧੇ ਹਨ।ਗੱਲਬਾਤ ਕਰਦਿਆਂ ਭੁੱਲਰ ਨੇ ਸਰਕਾਰੀ ਦਫ਼ਤਰਾਂ ਵਿੱਚ ਫੈਲੇ ਭ੍ਰਿਸ਼ਟਾਚਾਰ ਦਾ ਪਰਦਾਫਾਸ਼ ਕਰਦਿਆਂ ਕਿਹਾ ਕਿ ਅੱਜ ਫਿਰੋਜ਼ਪੁਰ ਦੇ ਹਰ ਇੱਕ ਮਹਿਕਮੇ ਵਿੱਚ ਬਿਨਾਂ ਰਿਸ਼ਵਤ ਤੋਂ ਕੋਈ ਵੀ ਕੰਮ ਨਹੀਂ ਹੋ ਰਿਹਾ, ਚਾਹੇ ਉਹ ਕੋਈ ਵੀ ਸਰਕਾਰੀ ਵਿਭਾਗ ਹੋਵੇ ਆਮ ਜਨਤਾ ਨੂੰ ਆਪਣੇ ਹੱਕੀ ਕੰਮਾਂ ਲਈ ਵੀ ਦਫ਼ਤਰਾਂ ਦੇ ਗੇੜੇ ਮਾਰਨੇ ਪੈ ਰਹੇ ਹਨ ਅਤੇ ਵੱਢੀ ਦਿੱਤੇ ਬਿਨਾਂ ਕੋਈ ਫਾਈਲ ਅੱਗੇ ਨਹੀਂ ਸਰਕਦੀ। ਗੱਲਬਾਤ ਕਰਦਿਆਂ ਜਸਵੀਰ ਸਿੰਘ ਭੁੱਲਰ ਨੇ ਸਥਾਨਕ ਸਿਆਸੀ ਲੀਡਰਸ਼ਿਪ ਨੂੰ ਘੇਰਦਿਆਂ ਕਿਹਾ ਕਿ ਇਕੱਲੇ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਆਮ ਆਦਮੀ ਪਾਰਟੀ ਦੇ ਚਾਰ ਐਮ.ਐਲ.ਏ ਮੌਜੂਦ ਹਨ ਅਤੇ ਇਸ ਤੋਂ ਇਲਾਵਾ ਸਰਕਾਰ ਨੇ ਬਹੁਤ ਸਾਰੇ ਆਗੂਆਂ ਨੂੰ ਵੱਖ—ਵੱਖ ਅਹੁਦਿਆਂ ਤੇ ਚੇਅਰਮੈਨ ਵੀ ਨਿਯੁਕਤ ਕੀਤਾ ਹੋਇਆ ਹੈ, ਪਰ ਇੰਨੀ ਵੱਡੀ ਸਿਆਸੀ ਫੌਜ ਹੋਣ ਦੇ ਬਾਵਜੂਦ ਵੀ ਜ਼ਮੀਨੀ ਪੱਧਰ ਤੇ ਲੋਕਾਂ ਦੇ ਕੰਮ ਨਹੀਂ ਹੋ ਰਹੇ। ਉਨ੍ਹਾਂ ਕਿਹਾ ਕਿ ਸ਼ਹਿਰ ਅਤੇ ਪਿੰਡਾਂ ਦਾ ਵਿਕਾਸ ਪੂਰੀ ਤਰ੍ਹਾਂ ਠੱਪ ਪਿਆ ਹੈ ਅਤੇ ਜਨਤਾ ਆਪਣੇ ਆਪ ਨੂੰ ਬੇਸਹਾਰਾ ਮਹਿਸੂਸ ਕਰ ਰਹੀ ਹੈ। ਉਨ੍ਹਾਂ ਇੱਕ ਤਾਜ਼ਾ ਘਟਨਾ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਪਿਛਲੇ ਦਿਨੀਂ ਖੁਦ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਆਗੂ ਸੁਖਰਾਜ ਸਿੰਘ ਗੋਰਾ ਵੱਲੋਂ ਲੋਕਾਂ ਦੀਆਂ ਮੁਸ਼ਕਿਲਾਂ ਅਤੇ ਸਮੱਸਿਆਵਾਂ ਨੂੰ ਸੁਣਨ ਅਤੇ ਉਨ੍ਹਾਂ ਦਾ ਹੱਲ ਕਰਨ ਲਈ ਫਿਰੋਜ਼ਪੁਰ ਦੇ ਆਰ.ਟੀ.ਓ. ਦਫ਼ਤਰ ਵਿਖੇ ਇੱਕ ਜਨ ਸੁਣਵਾਈ ਪ੍ਰੋਗਰਾਮ ਰੱਖਿਆ ਗਿਆ ਸੀ, ਜਦੋਂ ਉਹ ਉੱਥੇ ਪਹੁੰਚੇ ਤਾਂ ਹੈਰਾਨੀਜਨਕ ਸੱਚਾਈ ਸਾਹਮਣੇ ਆਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091263

ਪ੍ਰਸ਼ਾਸਨ ਦੀ ਅਣਗਹਿਲੀ ਕਦੋਂ ਹੋਵੇਗੀ ਖ਼ਤਮ ?

# ਤੂੜੀ ਨਾਲ ਲੱਦੀਆਂ ਭੂੰਗ ਵਾਲੀਆਂ ਟਰਾਲੀਆਂ ਬਣ ਰਹੀਆਂ ਹਨ ਮੌਤ ਦਾ ਕਾਰਨ










**ਤਲਵੰਡੀ ਸਾਬੋ ਤੋਂ ਗੁਰਜੰਟ ਸਿੰਘ ਨਥੇਹਾ ਦੀ ਖਾਸ ਰਿਪੋਰਟ**

ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਨੂੰ ਜੋੜਨ ਵਾਲੀਆਂ ਸੜਕਾਂ ’ਤੇ ਅੱਜਕੱਲ੍ਹ ਤੂੜੀ ਨਾਲ ਲੱਦੀਆਂ ਭੂੰਗ ਵਾਲੀਆਂ ਟਰਾਲੀਆਂ ਆਮ ਨਜ਼ਰ ਆਉਂਦੀਆਂ ਹਨ। ਕਿਸਾਨਾਂ ਲਈ ਇਹ ਪਸ਼ੂਆਂ ਦੇ ਚਾਰੇ ਦੀ ਢੋਆ-ਢੁਆਈ ਦਾ ਇੱਕ ਅਹਿਮ ਸਾਧਨ ਹਨ, ਪਰ ਜਦੋਂ ਇਹ ਟਰਾਲੀਆਂ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਦੀਆਂ ਹੋਈਆਂ ਸੜਕਾਂ ’ਤੇ ਦੌੜਦੀਆਂ ਹਨ ਤਾਂ ਇਹ ਰਾਹਗੀਰਾਂ ਲਈ ਮੌਤ ਦਾ ਕਾਰਨ ਬਣ ਜਾਂਦੀਆਂ ਹਨ। ਹਰ ਸਾਲ ਅਜਿਹੀਆਂ ਟਰਾਲੀਆਂ ਕਾਰਨ ਕਈ ਹਾਦਸੇ ਵਾਪਰਦੇ ਹਨ, ਜਿਨ੍ਹਾਂ ਵਿੱਚ ਕੀਮਤੀ ਜਾਨਾਂ ਜਾਂਦੀਆਂ ਹਨ, ਪਰ ਪ੍ਰਸ਼ਾਸਨ ਵੱਲੋਂ ਕੋਈ ਠੋਸ ਕਦਮ ਚੁੱਕਦੇ ਨਹੀਂ ਦਿਸਦੇ। ਹਾਲ ਹੀ ਵਿੱਚ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਪੰਜਾਬ ਪੁਲਿਸ ਦੀ ਮਹਿਲਾ ਮੁਲਾਜ਼ਮ ਬੇਅੰਤ ਕੌਰ ਦੀ ਮੌਤ ਭੂੰਗ ਨਾਲ ਲੱਦੀ ਟਰਾਲੀ ਨਾਲ ਟੱਕਰ ਹੋਣ ਕਾਰਨ ਹੋ ਗਈ। ਇਸ ਘਟਨਾ ਨੇ ਇੱਕ ਵਾਰ ਫਿਰ ਇਹ ਸਵਾਲ ਖੜ੍ਹਾ ਕਰ ਦਿੱਤਾ ਹੈ ਕਿ ਆਖ਼ਰ ਸੜਕਾਂ ’ਤੇ ਬਿਨਾਂ ਸੁਰੱਖਿਆ ਪ੍ਰਬੰਧਾਂ ਦੇ ਚੱਲ ਰਹੀਆਂ ਅਜਿਹੀਆਂ ਟਰਾਲੀਆਂ ਨੂੰ ਰੋਕਣ ਲਈ ਜ਼ਿੰਮੇਵਾਰ ਕੌਣ ਹੈ? ਇਹ ਕੋਈ ਪਹਿਲੀ ਘਟਨਾ ਨਹੀਂ ਹੈ। ਪੰਜਾਬ ਦੀਆਂ ਸੜਕਾਂ ’ਤੇ ਹਰ ਸਾਲ ਕਈ ਮੋਟਰਸਾਈਕਲ ਸਵਾਰ, ਸਾਈਕਲ ਸਵਾਰ ਅਤੇ ਕਾਰ ਚਾਲਕ ਅਜਿਹੀਆਂ ਟਰਾਲੀਆਂ ਨਾਲ ਟਕਰਾ ਕੇ ਜ਼ਖ਼ਮੀ ਜਾਂ ਮੌਤ ਦਾ ਸ਼ਿਕਾਰ ਹੋ ਜਾਂਦੇ ਹਨ। ਰਾਤ ਦੇ ਸਮੇਂ ਇਹ ਖ਼ਤਰਾ ਹੋਰ ਵੀ ਵੱਧ ਜਾਂਦਾ ਹੈ, ਜਦੋਂ ਟਰਾਲੀਆਂ ਦੇ ਪਿੱਛੇ ਨਾ ਤਾਂ ਰਿਫਲੈਕਟਰ ਲੱਗੇ ਹੁੰਦੇ ਹਨ ਅਤੇ ਨਾ ਹੀ ਇੰਡੀਕੇਟਰ ਜਾਂ ਕੋਈ ਚੇਤਾਵਨੀ ਚਿੰਨ੍ਹ। ਮੋਟਰ ਵਹੀਕਲ ਨਿਯਮਾਂ ਅਨੁਸਾਰ ਹਰ ਟਰਾਲੀ ਉੱਤੇ ਰਿਫਲੈਕਟਰ, ਇੰਡੀਕੇਟਰ ਅਤੇ ਹੋਰ ਸੁਰੱਖਿਆ ਚਿੰਨ੍ਹ ਹੋਣੇ ਲਾਜ਼ਮੀ ਹਨ। ਪਰ ਹਕੀਕਤ ਇਹ ਹੈ ਕਿ ਜ਼ਿਆਦਾਤਰ ਭੂੰਗ ਵਾਲੀਆਂ ਟਰਾਲੀਆਂ ਇਨ੍ਹਾਂ ਨਿਯਮਾਂ ਦੀ ਪਾਲਣਾ ਨਹੀਂ ਕਰਦੀਆਂ। ਰਾਤ ਦੇ ਹਨੇਰੇ ਵਿੱਚ ਤੂੜੀ ਨਾਲ ਉੱਚੀਆਂ ਲੱਦੀਆਂ ਟਰਾਲੀਆਂ ਦੂਰੋਂ ਦਿਖਾਈ ਨਹੀਂ ਦਿੰਦੀਆਂ, ਜਿਸ ਕਾਰਨ ਪਿੱਛੇ ਤੋਂ ਆ ਰਹੇ ਵਾਹਨ ਸਿੱਧੇ ਉਨ੍ਹਾਂ ਨਾਲ ਟਕਰਾ ਜਾਂਦੇ ਹਨ।

ਲੋਕਾਂ ਵਿੱਚ ਇਹ ਧਾਰਨਾ ਆਮ ਹੈ ਕਿ ਪੁਲਿਸ ਅਤੇ ਟਰਾਂਸਪੋਰਟ ਵਿਭਾਗ ਵੱਲੋਂ ਕਈ ਵਾਰ ਸਿਰਫ਼ ਖ਼ਾਨਾਪੂਰਤੀ ਵਾਲੀਆਂ ਚੈਕਿੰਗ ਮੁਹਿੰਮਾਂ ਚਲਾਈਆਂ ਜਾਂਦੀਆਂ ਹਨ। ਅਜਿਹੀਆਂ ਟਰਾਲੀਆਂ ਨੂੰ ਸਖ਼ਤੀ ਨਾਲ ਰੋਕਣ ਅਤੇ ਚਲਾਨ ਕਰਨ ਦੀ ਬਜਾਏ ਕਈ ਵਾਰ ਅੱਖਾਂ ਬੰਦ ਕਰ ਲਈਆਂ ਜਾਂਦੀਆਂ ਹਨ। ਜੇਕਰ ਸੜਕਾਂ ’ਤੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਈ ਜਾਵੇ ਤਾਂ ਅਨੇਕਾਂ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਭੂੰਗ ਨਾਲ ਉੱਚੀਆਂ ਲੱਦੀਆਂ ਟਰਾਲੀਆਂ ਸਿਰਫ਼ ਸੜਕ ਹਾਦਸਿਆਂ ਦਾ ਹੀ ਕਾਰਨ ਨਹੀਂ ਬਣਦੀਆਂ, ਸਗੋਂ ਪਿੰਡਾਂ ਵਿੱਚੋਂ ਲੰਘਦਿਆਂ ਅਕਸਰ ਬਿਜਲੀ ਦੀਆਂ ਤਾਰਾਂ ਨਾਲ ਟਕਰਾ ਕੇ ਉਨ੍ਹਾਂ ਨੂੰ ਤੋੜ ਦਿੰਦੀਆਂ ਹਨ। ਇਸ ਕਾਰਨ ਪਿੰਡਾਂ ਵਿੱਚ ਘੰਟਿਆਂ ਬਿਜਲੀ ਬੰਦ ਰਹਿੰਦੀ ਹੈ ਅਤੇ ਬਿਜਲੀ ਵਿਭਾਗ ਨੂੰ ਵੀ ਵੱਡਾ ਆਰਥਿਕ ਨੁਕਸਾਨ ਝੱਲਣਾ ਪੈਂਦਾ ਹੈ। ਕਈ ਵਾਰ ਟੁੱਟੀਆਂ ਤਾਰਾਂ ਲੋਕਾਂ ਅਤੇ ਪਸ਼ੂਆਂ ਲਈ ਵੀ ਖ਼ਤਰਾ ਬਣ ਜਾਂਦੀਆਂ ਹਨ। ਜਿਸ ਤਰ੍ਹਾਂ ਵੱਡੇ ਸ਼ਹਿਰਾਂ ਵਿੱਚ ਭਾਰੀ ਵਾਹਨਾਂ ਲਈ ਸਮਾਂ ਨਿਰਧਾਰਿਤ ਕੀਤਾ ਜਾਂਦਾ ਹੈ, ਉਸੇ ਤਰ੍ਹਾਂ ਤੂੜੀ ਨਾਲ ਲੱਦੀਆਂ ਭੂੰਗ ਵਾਲੀਆਂ ਟਰਾਲੀਆਂ ਲਈ ਵੀ ਸਮਾਂ ਸਾਰਣੀ ਤੈਅ ਕੀਤੀ ਜਾਣੀ ਚਾਹੀਦੀ ਹੈ। ਸਕੂਲਾਂ ਦੇ ਖੁੱਲ੍ਹਣ ਅਤੇ ਬੰਦ ਹੋਣ ਦੇ ਸਮੇਂ, ਸਵੇਰ-ਸ਼ਾਮ ਦੀ ਭੀੜ ਅਤੇ ਰਾਤ ਦੇ ਵੱਧ ਆਵਾਜਾਈ ਵਾਲੇ ਸਮੇਂ ਦੌਰਾਨ ਅਜਿਹੀਆਂ ਟਰਾਲੀਆਂ ਦੀ ਆਵਾਜਾਈ ’ਤੇ ਰੋਕ ਲਗਾਈ ਜਾ ਸਕਦੀ ਹੈ। ਜ਼ਿਲ੍ਹਾ ਮੈਜਿਸਟਰੇਟ ਅਤੇ ਤਹਿਸੀਲ ਪੱਧਰ ਦੇ ਅਧਿਕਾਰੀਆਂ ਨੂੰ ਚਾਹੀਦਾ ਹੈ ਕਿ ਭੂੰਗ ਵਾਲੀਆਂ ਟਰਾਲੀਆਂ ਲਈ ਉਚਾਈ ਅਤੇ ਚੌੜਾਈ ਦੀ ਸੀਮਾ ਨਿਰਧਾਰਤ ਕਰਨ। ਬਿਨਾਂ ਰਿਫਲੈਕਟਰ, ਇੰਡੀਕੇਟਰ ਅਤੇ ਸੁਰੱਖਿਆ ਚਿੰਨ੍ਹਾਂ ਵਾਲੀਆਂ ਟਰਾਲੀਆਂ ’ਤੇ ਸਖ਼ਤ ਕਾਰਵਾਈ ਕਰਨ। ਰਾਤ ਸਮੇਂ ਚੱਲਣ ਵਾਲੀਆਂ ਟਰਾਲੀਆਂ ਲਈ ਵਿਸ਼ੇਸ਼ ਸੁਰੱਖਿਆ ਨਿਯਮ ਲਾਗੂ ਕਰਨ। ਪਿੰਡਾਂ ਵਿੱਚ ਜਾਗਰੂਕਤਾ ਮੁਹਿੰਮ ਚਲਾ ਕੇ ਕਿਸਾਨਾਂ ਨੂੰ ਸੁਰੱਖਿਆ ਨਿਯਮਾਂ ਬਾਰੇ ਜਾਣੂ ਕਰਵਾਉਣ। ਪੁਲਿਸ, ਟਰਾਂਸਪੋਰਟ ਅਤੇ ਬਿਜਲੀ ਵਿਭਾਗ ਦੀ ਸਾਂਝੀ ਟੀਮ ਬਣਾ ਕੇ ਨਿਯਮਿਤ ਚੈਕਿੰਗ ਕਰਵਾਉਣ। ਹਾਦਸਿਆਂ ਵਾਲੇ ਖੇਤਰਾਂ ਦੀ ਪਛਾਣ ਕਰਕੇ ਵਿਸ਼ੇਸ਼ ਨਿਗਰਾਨੀ ਕੀਤੀ ਜਾਵੇ।

ਪੁਲਿਸ ਦੀ ਜ਼ਿੰਮੇਵਾਰੀ ਸਿਰਫ਼ ਹਾਦਸੇ ਤੋਂ ਬਾਅਦ ਕਾਰਵਾਈ ਕਰਨ ਤੱਕ ਸੀਮਤ ਨਹੀਂ ਹੋਣੀ ਚਾਹੀਦੀ। ਸੜਕਾਂ ’ਤੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣਾ ਵੀ ਉਸਦਾ ਫ਼ਰਜ਼ ਹੈ। ਜੇਕਰ ਹਰ ਭੂੰਗ ਵਾਲੀ ਟਰਾਲੀ ਦੀ ਜਾਂਚ ਕਰਕੇ ਸੁਰੱਖਿਆ ਮਾਪਦੰਡ ਪੂਰੇ ਕਰਵਾਏ ਜਾਣ ਤਾਂ ਕਈ ਹਾਦਸਿਆਂ ਨੂੰ ਪਹਿਲਾਂ ਹੀ ਰੋਕਿਆ ਜਾ ਸਕਦਾ ਹੈ। ਪੰਜਾਬ ਵਿੱਚ ਸੜਕ ਸੁਰੱਖਿਆ ਨੂੰ ਲੈ ਕੇ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਪਰ ਜਦੋਂ ਤੱਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਨਹੀਂ ਹੋਵੇਗੀ, ਤਦ ਤੱਕ ਬੇਅੰਤ ਕੌਰ ਵਰਗੀਆਂ ਕੀਮਤੀ ਜਾਨਾਂ ਹਾਦਸਿਆਂ ਦੀ ਭੇਂਟ ਚੜ੍ਹਦੀਆਂ ਰਹਿਣਗੀਆਂ। ਹੁਣ ਸਮਾਂ ਆ ਗਿਆ ਹੈ ਕਿ ਪ੍ਰਸ਼ਾਸਨ ਖ਼ਾਨਾਪੂਰਤੀ ਤੋਂ ਅੱਗੇ ਵਧੇ ਅਤੇ ਸੜਕਾਂ ਨੂੰ ਸੁਰੱਖਿਅਤ ਬਣਾਉਣ ਲਈ ਠੋਸ ਅਤੇ ਪ੍ਰਭਾਵਸ਼ਾਲੀ ਕਦਮ ਚੁੱਕੇ। ਹਰ ਜਾਨ ਕੀਮਤੀ ਹੈ। ਸੁਰੱਖਿਆ ਨਿਯਮਾਂ ਦੀ ਪਾਲਣਾ ਅਤੇ ਪ੍ਰਸ਼ਾਸਨਿਕ ਜਵਾਬਦੇਹੀ ਹੀ ਅਜਿਹੀਆਂ ਦੁਖਦਾਈ ਘਟਨਾਵਾਂ ਨੂੰ ਰੋਕ ਸਕਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਹਾੜ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ



ਫ਼ਿਰੋਜ਼ਪੁਰ, 16 ਜੂਨ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਹਾੜ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ। ਇਨ੍ਹਾਂ ਧਾਰਮਿਕ ਸਮਾਗਮਾਂ ਦੌਰਾਨ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ ਚੰਨਾ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ ਬੱਬੂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਮਹਾਰਾਜ ਜੀ ਦੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਤੇ ਗੁਰਦੁਆਰਾ ਠਾਠ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਥਾ ਕਰਦਿਆਂ ਆਖਿਆ ਕਿ ਇਤਿਹਾਸ ਗਵਾਹ ਹੈ ਕਿ ਸ਼ਹੀਦਾਂ ਦੇ ਸਰਤਾਜ ਪੰਚਮ ਪਾਤਸ਼ਾਹ ਮਹਾਰਾਜ ਜੀ ਦਾ ਸ਼ਹੀਦੀ ਗੁਰਪੁਰਬ ਜੋ ਕਿ 18 ਜੂਨ ਨੂੰ ਆ ਰਿਹਾ ਹੈ ਇੱਥੇ ਪਹਿਲੀ ਜੂਨ ਤੋਂ ਹਰ ਰੋਜ਼ ਸੰਗਤਾਂ ਵੱਲੋਂ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਜਾਂਦੇ ਹਨ ਅਤੇ ਨਾਲ ਹੀ ਸਹਿਜ ਪਾਠ ਸਾਹਿਬ ਜੀ ਵੀ ਆਰੰਭ ਹੈ, ਜਿਨਾਂ ਦੇ ਪਾਠ ਦੇ ਭੋਗ 18 ਜੂਨ ਨੂੰ ਸਵੇਰੇ 8:30 ਵਜੇ ਪਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ ਅਤੇ ਹਰ ਰੋਜ਼ ਪੰਜ ਬਾਣੀਆਂ ਦਾ ਪਾਠ ਕਰਨਾ ਚਾਹੀਦਾ ਹੈ। ਅਸੀਂ ਇੱਥੇ ਸੰਸਾਰ ਵਿੱਚ ਆਏ ਹਾਂ ਪਰਮੇਸ਼ਰ ਨੇ ਸਾਡੇ ਵਿੱਚ ਸਵਾਸ ਬਖਸ਼ੇ ਹਨ ਅਤੇ ਜਦੋਂ ਪਰਮੇਸ਼ਵਰ ਦਾ ਬੁਲਾਵਾ ਆ ਜਾਂਦਾ ਹੈ ਸਾਨੂੰ ਜਾਣਾ ਪੈਂਦਾ ਹੈ ਬਾਣੀ ਪੜ੍ਹਨ ਨਾਲ ਬਾਣੀ ਸੁਣਨ ਨਾਲ ਸਾਨੂੰ ਸੁੱਖਾਂ ਦੀ ਪ੍ਰਾਪਤੀ ਹੁੰਦੀ ਹੈ, ਪਰ ਸਤਿਗੁਰੂ ਤੇ ਭਰੋਸਾ ਕਰਨਾ ਚਾਹੀਦਾ ਹੈ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ ਭਾਈ ਜਸਵੀਰ ਸਿੰਘ ਜੱਸੂ ਨੇ ਸੰਗਤਾਂ ਦੀ ਹਾਥੀ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।

# ਗੁਰਦੁਆਰਾ ਅਕਾਲਗੜ੍ਹ ਸਾਹਿਬ ਵਲੋਂ ਗੁਰੂ ਅਰਜਨ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਅੱਜ—ਭਾਈ ਨੰਢਾ



**ਫ਼ਿਰੋਜ਼ਪੁਰ, 16 ਜੂਨ (ਮਨੋਹਰ ਲਾਲ)** :— ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰੂ ਅਰਜਨ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਅਕਾਲਗੜ੍ਹ ਸਾਹਿਬ ਫਿਰੋਜ਼ਪੁਰ ਸ਼ਹਿਰ ਵਲੋਂ 17 ਜੂਨ ਦਿਨ ਬੁੱਧਵਾਰ ਨੂੰ ਪੂਰੀ ਸ਼ਰਧਾ ਭਾਵਨਾ ਨਾਲ ਸਜਾਇਆ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਿੰਘ ਸਭਾ ਅਕਾਲਗੜ੍ਹ ਕਮੇਟੀ ਦੇ ਸਕੱਤਰ ਭਾਈ ਕੁਲਦੀਪ ਸਿੰਘ ਨੰਢਾ ਤੇ ਗੁਰਬਖਸ਼ ਸਿੰਘ ਭੋਲਾ ਨੇ ਦੱਸਿਆ ਕਿ ਇਹ ਨਗਰ ਕੀਰਤਨ ਸ਼ਾਮੀਂ 04 ਵਜੇ ਆਰੰਭ ਹੋ ਕੇ ਬਾਂਸੀ ਗੇਟ ਰਾਹੀਂ ਵਾਇਆ ਮੇਨ ਬਜਾਰ ਹੁੰਦੇ—ਹੋਏ ਸ਼ਹੀਦ ਊਧਮ ਸਿੰਘ ਚੌਂਕ ਤੋਂ ਵਾਪਸ ਜੱਸਾ ਸਿੰਘ ਰਾਮਗੜ੍ਹੀਆ ਗੇਟ ਰਾਹੀਂ ਮਖੂ ਗੇਟ ਹੁੰਦਾ ਹੋਇਆ ਵਾਪਸ ਗੁਰਦੁਆਰਾ ਅਕਾਲਗੜ੍ਹ ਸਾਹਿਬ ਪਹੁੰਚੇਗਾ। ਉਨ੍ਹਾਂ ਕਿਹਾ ਕਿ ਵੱਖ—ਵੱਖ ਬੈਂਡ ਪਾਰਟੀਆਂ, ਗੱਤਕਾ ਪਾਰਟੀਆਂ ਅਤੇ ਸ਼ਬਦੀ ਜਥੇ ਨਗਰ—ਕੀਰਤਨ ਦੀ ਸ਼ੋਭਾ ਵਧਾਉਣਗੇ, 18 ਜੂਨ ਦਿਨ ਵੀਰਵਾਰ ਨੂੰ ਸ਼ਹੀਦੀ ਗੁਰਪੁਰਬ ਵਾਲੇ ਦਿਨ ਰਾਗੀ ਭਾਈ ਸਤਵੰਤ ਸਿੰਘ ਗੁਰਦੁਆਰਾ ਅਕਾਲਗੜ੍ਹ ਸਾਹਿਬ, ਭਾਈ ਸਵਰਨ ਸਿੰਘ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਰਸ ਭਿੰਨਾ ਕੀਰਤਨ ਸਰਵਣ ਕਰਾਉਣਗੇ। ਉਨ੍ਹਾਂ ਕਿਹਾ ਕਿ ਕੀਰਤਨ ਉਪਰੰਤ ਢਾਡੀ ਜਥਾ ਭਾਈ ਮੇਜਰ ਸਿੰਘ ਖਾਲਸਾ ਲੋਹੀਆਂ ਵਾਲੇ ਪੰਚਮ ਪਾਤਸ਼ਾਹ ਦੀ ਸ਼ਹਾਦਤ ਨਾਲ ਸੰਬੰਧਤ ਗੁਰ ਇਤਿਹਾਸ ਤੋਂ ਸੰਗਤ ਨੂੰ ਜਾਣੂੰ ਕਰਾਉਣਗੇ। ਸਮਾਗਮ ਦੌਰਾਨ ਗੁਰੂ ਕੇ ਲੰਗਰ ਅਤੁੱਟ ਵਰਤਣਗੇ। ਸਮੁੱਚੇ ਸਮਾਗਮ ਨੂੰ ਸਫਲ ਬਨਾਉਣ ਲਈ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਦੇਵ ਸਿੰਘ, ਜਰਨੈਲ ਸਿੰਘ, ਗੁਰਬਖਸ਼ ਸਿੰਘ ਭੋਲਾ, ਜਸਵੰਤ ਸਿੰਘ ਖਜਾਨਚੀ, ਪ੍ਰੀਤਮ ਸਿੰਘ, ਅਵਤਾਰ ਸਿੰਘ, ਸਵਰਨ ਸਿੰਘ ਸੁਹਾਵਾ, ਜਸਵਿੰਦਰ ਸਿੰਘ ਸੁਪਰਡੈਂਟ, ਸੁਖਦੇਵ ਸਿੰਘ, ਡਾ: ਅਮਰੀਕ ਸਿੰਘ ਸ਼ੇਰ ਖਾਂ ਆਦਿ ਪਤਵੰਤੇ ਨਿਰੰਤਰ ਤਿਆਰੀ ਵਿਚ ਲੱਗੇ ਹੋਏ ਹਨ।

# ਜ਼ਿਲ੍ਹੇ ਦੇ ਪੰਜ ਬਲਾਕਾਂ ’ਚ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਸ਼ੁਰੂ

**ਹੁਸ਼ਿਆਰਪੁਰ, 15 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਸ਼ਕਤੀਕਰਨ ਅਤੇ ਆਰਥਿਕ ਸੁਰੱਖਿਆ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਅੱਜ ਤੋਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਬਲਾਕ ਮਾਹਿਲਪੁਰ, ਭੂੰਗਾ, ਟਾਂਡਾ, ਦਸੂਹਾ, ਮੁਕੇਰੀਆਂ ਅਤੇ ਹਾਜੀਪੁਰ ਵਿੱਚ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਨੇ ਦੱਸਿਆ ਕਿ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਲਈ ਵੱਖ-ਵੱਖ ਥਾਵਾਂ ’ਤੇ ਕੈਂਪ ਲਗਾਏ ਗਏ ਹਨ। ਯੋਜਨਾ ਦਾ ਲਾਭ ਪ੍ਰਾਪਤ ਕਰਨ ਲਈ ਮਹਿਲਾਵਾਂ ਨੂੰ ਆਪਣੇ ਲੋੜੀਂਦੇ ਦਸਤਾਵੇਜ਼ ਜਿਵੇਂ ਕਿ ਆਧਾਰ ਕਾਰਡ, ਜਾਤੀ ਪ੍ਰਮਾਣ-ਪੱਤਰ, ਬੈਂਕ ਖਾਤੇ ਦੀ ਜਾਣਕਾਰੀ ਅਤੇ ਹੋਰ ਲੋੜੀਂਦੇ ਦਸਤਾਵੇਜ਼ ਨਾਲ ਲਿਆਉਣ ਲਈ ਕਿਹਾ ਗਿਆ। ਉਨ੍ਹਾਂ ਦੱਸਿਆ ਕਿ ਯੋਜਨਾ ਅਧੀਨ 18 ਸਾਲ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਅਤੇ ਲੜਕੀਆਂ ਨੂੰ ਸਿੱਧੀ ਆਰਥਿਕ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਤਹਿਤ ਅਨੁਸੂਚਿਤ ਜਾਤੀ (ਐੱਸ.ਸੀ.) ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਅਤੇ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਜਮ੍ਹਾਂ ਕਰਵਾਈ ਜਾਵੇਗੀ। । ਉਨ੍ਹਾਂ ਸਮੂਹ ਮਹਿਲਾਵਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਨਿਰਧਾਰਤ ਕੈਂਪਾਂ ਵਿੱਚ ਪਹੁੰਚ ਕੇ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਅਤੇ ਪੰਜਾਬ ਸਰਕਾਰ ਦੀ ਇਸ ਲੋਕ-ਭਲਾਈ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈਣ। ਉਨ੍ਹਾਂ ਇਹ ਵੀ ਦੱਸਿਆ ਕਿ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ।

### ਹੁਣ ਅਖੌਤੀ ਨਿਰੰਕਾਰੀ ਤੇ ਸੌਦਾ ਸਾਧ ਵਰਗੇ

# ਪੰਥ ਦੋਖੀਆਂ ਦੀ ਕਤਾਰ ਵਿੱਚ ਭਗਵੰਤ ਮਾਨ ਵੀ ਸ਼ੁਮਾਰ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਹਰ ਪੰਜਾਬਣ ਮਾਂ ਦੀ ਕੁੱਖੋਂ ਜੰਮੇ ਬੱਚੇ ਨੂੰ ਸਭ ਤੋਂ ਪਹਿਲੀ ਸਿੱਖਿਆ ਇਹ ਦਿੱਤੀ ਜਾਂਦੀ ਹੈ ਕਿ, "ਪੁੱਤਰ, ਕਿਤੇ ਵੀ ਗੁਰੂ ਘਰ ਦਾ ਦੋਖੀ ਨਾ ਬਣੀਂ।" ਪਰ ਅੱਜ ਬਹੁਤ ਹੀ ਦੁੱਖ ਅਤੇ ਪੀੜਾ ਨਾਲ ਕਹਿਣਾ ਪੈ ਰਿਹਾ ਹੈ ਕਿ ਪੰਜਾਬ, ਜੋ ਗੁਰਾਂ ਦੇ ਨਾਮ 'ਤੇ ਵੱਸਦਾ ਹੈ, ਉਸ ਦਾ ਮੁੱਖ ਮੰਤਰੀ ਗੁਰੂ ਘਰ ਦਾ ਦੋਖੀ ਅਤੇ ਗੁਰੂ ਪੰਥ ਦਾ ਵਿਰੋਧੀ ਬਣ ਗਿਆ ਹੈ। ਅਫ਼ਸੋਸ ਹੈ ਕਿ ਅਜਿਹਾ ਦ੍ਰਿਸ਼ ਸਾਡੀਆਂ ਅੱਖਾਂ ਸਾਹਮਣੇ ਵੇਖਣਾ ਪਿਆ। ਉਨ੍ਹਾਂ ਕਿਹਾ ਕਿ ਭਾਜਪਾ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਨੂੰ ਸਰਵਉੱਚ ਮੰਨਦੀ ਹੈ ਅਤੇ ਹਰ ਹਾਲਤ ਵਿੱਚ ਉਨ੍ਹਾਂ 'ਤੇ ਅਮਲ ਕਰੇਗੀ। ਭਗਵੰਤ ਮਾਨ ਨੂੰ ਸਲਾਹ ਹੈ ਕਿ ਉਹ ਅਕਾਲ ਤਖ਼ਤ ਸਾਹਿਬ ਨਾਲ ਟਕਰਾਅ ਵਾਲੀ ਭਾਸ਼ਾ ਅਤੇ ਰਵੱਈਏ ਤੋਂ ਗੁਰੇਜ਼ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਦਸ ਗੁਰੂ ਸਾਹਿਬਾਨ ਦੀ ਤਸਵੀਰ ਦੇ ਨਿਰਾਦਰ ਨਾਲ ਸਬੰਧਤ ਵੀਡੀਓ ਦੀ ਫੋਰੈਂਸਿਕ ਜਾਂਚ ਦੌਰਾਨ ਸਹੀ ਪਾਏ ਜਾਣ ਦੇ ਦਾਅਵਿਆਂ ਨੇ ਹਰ ਪੰਜਾਬੀ, ਹਰ ਸਿੱਖ ਅਤੇ ਹਰ ਨਾਨਕ ਨਾਮ ਲੇਵਾ ਸੰਗਤ ਦੇ ਮਨ ਨੂੰ ਵਲੂੰਧਰ ਦਿੱਤਾ ਹੈ। ਇਸ ਦੇ ਨਾਲ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਪੰਜ ਸਿੰਘ ਸਾਹਿਬਾਨਾਂ ਵੱਲੋਂ ਭਗਵੰਤ ਮਾਨ ਨੂੰ ਗੁਰੂ ਦੋਖੀ ਅਤੇ ਪੰਥ ਵਿਰੋਧੀ ਕਰਾਰ ਦੇ ਕੇ ਉਸ ਨੂੰ ਪੰਥ ਵਿੱਚੋਂ ਖਾਰਜ ਕਰਦਿਆਂ ਮੂੰਹ ਨਾ ਲਾਉਣ ਦੇ ਜਾਰੀ ਕੀਤੇ ਗਏ ਆਦੇਸ਼ ਤੋਂ ਬਾਅਦ ਭਗਵੰਤ ਮਾਨ ਵੀ ਅੱਜ ਅਖੌਤੀ ਨਿਰੰਕਾਰੀ, ਸੌਦਾ ਸਾਧ ਰਾਮ ਰਹੀਮ ਅਤੇ ਪਿਆਰਾ ਸਿੰਘ ਭਨਿਆਰਾ ਵਰਗੇ ਪੰਥ ਦੋਖੀਆਂ ਦੀ ਕਤਾਰ ਵਿੱਚ ਸ਼ੁਮਾਰ ਹੋ ਗਿਆ ਹੈ। ਜਿਨ੍ਹਾਂ ਨੂੰ ਸਮੇਂ-ਸਮੇਂ 'ਤੇ ਪੰਥ ਵੱਲੋਂ ਸਿੱਖ ਧਰਮ ਅਤੇ ਮਰਿਆਦਾ ਵਿਰੁੱਧ ਕਾਰਵਾਈਆਂ ਲਈ ਦੋਸ਼ੀ ਠਹਿਰਾਇਆ ਗਿਆ ਸੀ।

> ਭਾਜਪਾ ਅਕਾਲ ਤਖ਼ਤ ਸਾਹਿਬ ਨੂੰ ਸਰਵਉੱਚ ਮੰਨਦੀ ਹੈ ਅਤੇ ਇਸ ਦੇ ਆਦੇਸ਼ਾਂ 'ਤੇ ਹਰ ਹਾਲਤ ਵਿੱਚ ਅਮਲ ਕਰੇਗੀ

ਪ੍ਰੋ. ਖਿਆਲਾ ਨੇ ਕਿਹਾ ਕਿ 10 ਅਪ੍ਰੈਲ 1978 ਨੂੰ ਅਖੌਤੀ ਨਿਰੰਕਾਰੀ ਦਿੱਲੀ ਅਤੇ ਉਨ੍ਹਾਂ ਦੇ ਆਗੂ ਗੁਰਬਚਨ ਸਿੰਘ ਨਾਲ ਹਰ ਤਰ੍ਹਾਂ ਦੇ ਮੇਲ-ਜੋਲ, ਸੰਸਾਰਕ ਸਬੰਧਾਂ ਅਤੇ ਰੋਟੀ-ਬੇਟੀ ਦੀ ਸਾਂਝ ਖ਼ਤਮ ਕਰਨ ਸਬੰਧੀ ਹੁਕਮਨਾਮਾ ਜਾਰੀ ਕੀਤਾ ਗਿਆ ਸੀ। ਇਸੇ ਤਰ੍ਹਾਂ 17 ਅਗਸਤ 1998 ਨੂੰ ਪਿਆਰਾ ਸਿੰਘ ਭਨਿਆਰੇ ਨੂੰ ਪੰਥ ਵਿੱਚੋਂ ਛੇਕਦਿਆਂ ਸੰਗਤ ਨੂੰ ਉਸ ਨਾਲ ਵਰਤੋਂ-ਵਿਹਾਰ ਨਾ ਰੱਖਣ ਲਈ ਕਿਹਾ ਗਿਆ। 17 ਮਈ 2007 ਨੂੰ ਸੌਦਾ ਸਾਧ ਰਾਮ ਰਹੀਮ ਨੂੰ ਦਸਮ ਪਿਤਾ ਦਾ ਸਵਾਂਗ ਰਚਣ ਲਈ ਦੰਭੀ, ਪਖੰਡੀ ਅਤੇ ਪੰਥ ਦੋਖੀ ਕਰਾਰ ਦਿੰਦਿਆਂ ਉਸ ਅਤੇ ਉਸ ਦੇ ਡੇਰੇ ਨਾਲ ਹਰ ਤਰ੍ਹਾਂ ਦੇ ਸੰਬੰਧ ਤੋੜਨ ਦਾ ਆਦੇਸ਼ ਜਾਰੀ ਕੀਤਾ ਗਿਆ ਸੀ।

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਭਗਵੰਤ ਮਾਨ ਇਸ ਸਥਿਤੀ ਤੋਂ ਬਚ ਸਕਦੇ ਸਨ ਜੇਕਰ ਉਹ 15 ਜਨਵਰੀ ਨੂੰ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ੀ ਦੌਰਾਨ ਆਪਣੀ ਗਲਤੀ ਮੰਨਦਿਆਂ ਖਿਮਾ-ਯਾਚਨਾ ਕਰ ਲੈਂਦੇ। ਉਨ੍ਹਾਂ ਅੱਗੇ ਕਿਹਾ ਕਿ ਸੰਬੰਧਿਤ ਵੀਡੀਓ ਨੂੰ ਸਿਰੇ ਤੋਂ ਨਕਾਰਨਾ ਉਦੋਂ ਤੱਕ ਕਾਫ਼ੀ ਨਹੀਂ ਮੰਨਿਆ ਜਾ ਸਕਦਾ, ਜਦੋਂ ਤੱਕ ਮੁੱਖ ਮੰਤਰੀ ਆਪਣੀ ਬੇਗੁਨਾਹੀ ਸਬੰਧੀ ਠੋਸ ਅਤੇ ਪ੍ਰਮਾਣਿਕ ਸਬੂਤ ਸਾਹਮਣੇ ਨਹੀਂ ਲਿਆਉਂਦੇ। ਜੇਕਰ ਵੀਡੀਓ ਫ਼ਰਜ਼ੀ ਸੀ ਤਾਂ ਸਰਕਾਰ ਨੂੰ ਸ਼ੁਰੂਆਤੀ ਪੜਾਅ 'ਤੇ ਹੀ ਨਿਰਪੱਖ ਫੋਰੈਂਸਿਕ ਜਾਂਚ ਕਰਵਾ ਕੇ ਸੱਚਾਈ ਸਾਹਮਣੇ ਲਿਆਉਣੀ ਚਾਹੀਦੀ ਸੀ। ਪੰਜ ਮਹੀਨੇ ਬੀਤ ਜਾਣ ਦੇ ਬਾਵਜੂਦ ਅਜਿਹਾ ਨਾ ਹੋਣਾ ਸਰਕਾਰ ਅਤੇ ਉਸ ਦੇ ਸਲਾਹਕਾਰਾਂ ਦੀ ਗੰਭੀਰ ਕੁਤਾਹੀ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ ਕਿ ਇੱਕ ਪਾਸੇ ਅਕਾਲ ਤਖ਼ਤ ਸਾਹਿਬ ਨੂੰ ਸਰਬਉੱਚ ਦੱਸਣਾ ਅਤੇ ਦੂਜੇ ਪਾਸੇ ਜਥੇਦਾਰ ਸਾਹਿਬ 'ਤੇ ਰਾਜਨੀਤਿਕ ਦਬਾਅ ਹੇਠ ਕੰਮ ਕਰਨ ਦੇ ਦੋਸ਼ ਲਗਾਉਣਾ ਆਪਸੀ ਵਿਰੋਧਾਭਾਸ ਹੈ। ਜੇਕਰ ਅਜਿਹੇ ਇਲਜ਼ਾਮ ਹਨ ਤਾਂ ਉਹ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਹੀ ਲਗਾਏ ਜਾਣੇ ਚਾਹੀਦੇ ਹਨ, ਨਹੀਂ ਤਾਂ ਇਹ ਪੰਥਕ ਸੰਸਥਾਵਾਂ ਪ੍ਰਤੀ ਅਵਿਸ਼ਵਾਸ ਪੈਦਾ ਕਰਨ ਦਾ ਯਤਨ ਮੰਨਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਹਿੱਤਾਂ ਲਈ ਲਏ ਗਏ ਫ਼ੈਸਲਿਆਂ ਕਾਰਨ ਨਿਸ਼ਾਨਾ ਬਣਾਏ ਜਾਣ ਦਾ ਮੁੱਖ ਮੰਤਰੀ ਦਾ ਦਾਅਵਾ ਹਕੀਕਤ ਤੋਂ ਪਰੇ ਹੈ, ਕਿਉਂਕਿ ਪੰਜਾਬ ਅੱਜ ਬੇਰੁਜ਼ਗਾਰੀ, ਨਸ਼ਾਖੋਰੀ, ਗੈਂਗਸਟਰਵਾਦ ਅਤੇ ਵਿਗੜਦੀ ਅਮਨ-ਕਾਨੂੰਨ ਦੀ ਸਥਿਤੀ ਵਰਗੀਆਂ ਗੰਭੀਰ ਚੁਣੌਤੀਆਂ ਨਾਲ ਜੂਝ ਰਿਹਾ ਹੈ। ਅਜਿਹੇ ਸਮੇਂ ਵਿੱਚ ਸੂਬੇ ਦੀ ਅਗਵਾਈ ਕਰਨ ਵਾਲੇ ਵਿਅਕਤੀ ਤੋਂ ਵਧੇਰੇ ਸੰਵੇਦਨਸ਼ੀਲਤਾ ਅਤੇ ਜ਼ਿੰਮੇਵਾਰੀ ਦੀ ਉਮੀਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਸਰਕਾਰ ਨੇ ਲੋਕ-ਹਿੱਤ ਵਿੱਚ ਚੰਗੇ ਕੰਮ ਵੀ ਕੀਤੇ ਹੋਣ, ਤਾਂ ਵੀ ਸਿੱਖ ਹਿਰਦਿਆਂ ਨੂੰ ਜਾਣ-ਬੁੱਝ ਕੇ ਠੇਸ ਪਹੁੰਚਾਉਣ ਨੂੰ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਪ੍ਰੋ. ਖਿਆਲਾ ਨੇ ਕਿਹਾ ਕਿ ਭਗਵੰਤ ਮਾਨ 'ਤੇ ਪਹਿਲਾਂ ਵੀ ਧਾਰਮਿਕ ਸਮਾਗਮਾਂ, ਅੰਤਿਮ ਸੰਸਕਾਰਾਂ, ਸੰਸਦ ਅਤੇ ਪੰਜਾਬ ਵਿਧਾਨ ਸਭਾ ਵਿੱਚ ਸ਼ਰਾਬ ਦੇ ਨਸ਼ੇ ਦੀ ਹਾਲਤ ਵਿੱਚ ਪਹੁੰਚਣ ਸਬੰਧੀ ਦੋਸ਼ ਲੱਗਦੇ ਰਹੇ ਹਨ। ਇਥੋਂ ਤਕ ਕਿ ਸਤੰਬਰ 2022 ਵਿੱਚ ਜਰਮਨੀ ਤੋਂ ਦਿੱਲੀ ਵਾਪਸੀ ਦੌਰਾਨ ਫਰੈਂਕਫਰਟ ਹਵਾਈ ਅੱਡੇ 'ਤੇ ਨਸ਼ੇ ਨਾਲ ਧੁੱਤ ਹੋਣ ਤੇ ਲੁਫ਼ਥਾਂਸਾ ਏਅਰਲਾਈਨ ਨਾਲ ਜੁੜੇ ਵਿਵਾਦ ਨੇ ਵੀ ਪੰਜਾਬੀਆਂ ਨੂੰ ਨਮੋਸ਼ੀ ਦਾ ਸਾਹਮਣਾ ਕਰਵਾਇਆ ਸੀ। ਉਨ੍ਹਾਂ ਕਿਹਾ ਕਿ ਸੰਸਦ ਮੈਂਬਰ ਰਹਿੰਦਿਆਂ ਵੀ ਮਾਨ 'ਤੇ ਸ਼ਰਾਬ ਪੀ ਕੇ ਸੰਸਦ ਵਿੱਚ ਆਉਣ ਦੇ ਇਲਜ਼ਾਮ ਲੱਗੇ ਅਤੇ ਸਾਥੀ ਸੰਸਦ ਮੈਂਬਰ ਹਰਿੰਦਰ ਸਿੰਘ ਖਾਲਸਾ ਨੇ ਮਾਨ ਤੋਂ ਆਉਣ ਵਾਲੀ ਸ਼ਰਾਬ ਦੀ ਬਦਬੂ ਕਾਰਨ ਆਪਣੀ ਸੀਟ ਬਦਲਣ ਦੀ ਗੁਹਾਰ ਵੀ ਲਗਾਈ ਸੀ। 2015 ਵਿੱਚ ਬਰਗਾੜੀ ਗੋਲੀਕਾਂਡ ਵਿੱਚ ਮਾਰੇ ਗਏ ਕ੍ਰਿਸ਼ਨ ਭਗਵਾਨ ਸਿੰਘ ਅਤੇ ਗੁਰਜੀਤ ਸਿੰਘ ਦੇ ਭੋਗ ਸਮਾਗਮ ਦੌਰਾਨ ਸ਼ਰਾਬ ਪੀਤੀ ਹੋਣ ਕਾਰਨ ਉਨ੍ਹਾਂ ਨੂੰ ਸਟੇਜ ਤੋਂ ਉਤਾਰ ਦਿੱਤਾ ਗਿਆ ਸੀ। ਉਸ ਵੇਲੇ ਸ਼ਰਾਬੀ ਹਾਲਤ ਵਿੱਚ ਗੱਡੀ ਤੱਕ ਜਾਣ ਦੀ ਉਨ੍ਹਾਂ ਦੀ ਵੀਡੀਓ ਵੀ ਖੂਬ ਵਾਇਰਲ ਹੋਈ ਸੀ। ਇਸੇ ਤਰ੍ਹਾਂ 2016 ਵਿੱਚ ਆਸਟ੍ਰੇਲੀਆ ਵਿੱਚ ਮਾਰੇ ਗਏ ਮਨਮੀਤ ਅਲੀਸ਼ੇਰ ਦੇ ਅੰਤਿਮ ਸੰਸਕਾਰ ਸਮੇਂ ਵੀ ਮਾਨ ਵੱਲੋਂ ਸ਼ਰਾਬ ਪੀਤੀ ਹੋਣ ਕਾਰਨ ਪਰਿਵਾਰ ਨੇ ਉਸਨੂੰ ਮੌਕੇ ਤੋਂ ਚਲੇ ਜਾਣ ਲਈ ਕਿਹਾ ਸੀ। ਪਿਛਲੇ ਮਹੀਨੇ 1 ਮਈ ਨੂੰ ਮਜ਼ਦੂਰ ਦਿਵਸ ਮੌਕੇ ਪੰਜਾਬ ਵਿਧਾਨ ਸਭਾ ਵਿੱਚ ਉਨ੍ਹਾਂ ਦੇ ਕਥਿਤ ਨਸ਼ੇ ਦੀ ਹਾਲਤ ਵਿੱਚ ਹੋਣ ਦੇ ਦੋਸ਼ਾਂ ਨੇ ਵੀ ਚਰਚਾ ਛੇੜੀ ਤੇ ਖੂਬ ਸੁਰਖੀਆਂ ਬਣੀਆਂ ਸਨ। ਪ੍ਰੋ. ਖਿਆਲਾ ਨੇ ਕਿਹਾ ਕਿ ਕਿਸੇ ਵੀ ਰਾਜਨੀਤਿਕ ਸਹਿਮਤੀ-ਅਸਹਿਮਤੀ ਜਾਂ ਨਿੱਜੀ ਸਫ਼ਾਈ ਦੇ ਨਾਮ 'ਤੇ ਸਿੱਖਾਂ ਦੀਆਂ ਸਰਬਉੱਚ ਪੰਥਕ ਸੰਸਥਾਵਾਂ ਦੀ ਨਿਰਪੱਖਤਾ 'ਤੇ ਬਿਨਾਂ ਠੋਸ ਸਬੂਤਾਂ ਦੇ ਸਵਾਲ ਖੜ੍ਹੇ ਕਰਨਾ ਨਾ ਤਾਂ ਰਾਜਨੀਤਿਕ ਸਿਆਣਪ ਹੈ ਅਤੇ ਨਾ ਹੀ ਪੰਜਾਬ ਦੀ ਸਮਾਜਿਕ ਏਕਤਾ, ਆਪਸੀ ਭਰੋਸੇ ਅਤੇ ਪੰਥਕ ਸਦਭਾਵਨਾ ਦੇ ਹਿੱਤ ਵਿੱਚ ਹੈ।

### 'ਗੁਰੂ ਦੋਖੀ ਅਤੇ ਪੰਥ ਵਿਰੋਧੀ ਭਗਵੰਤ ਮਾਨ ਨੂੰ

# ਪੰਜਾਬ 'ਤੇ ਰਾਜ ਕਰਨ ਦਾ ਹੱਕ ਨਹੀਂ, ਅਸਤੀਫੇ ਦੀ ਮੰਗ: ਸਰਨਾ



**ਨਵੀਂ ਦਿੱਲੀ 16 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਪਾਰਟੀ ਦਫਤਰ ਵਿਖੇ ਕੀਤੀ ਇਕ ਭਰਵੀਂ ਪ੍ਰੈਸ ਨਾਲ ਮਿਲਣੀ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਤੁਰੰਤ ਅਸਤੀਫ਼ੇ ਦੀ ਮੰਗ ਕਰਦਿਆਂ ਕਿਹਾ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਉਨ੍ਹਾਂ ਨੂੰ "ਗੁਰੂ ਦੋਖੀ" ਅਤੇ "ਖ਼ਾਲਸਾ ਪੰਥ ਵਿਰੋਧੀ" ਕਰਾਰ ਦਿੱਤੇ ਜਾਣ ਤੋਂ ਬਾਅਦ ਉਨ੍ਹਾਂ ਨੂੰ ਮੁੱਖ ਮੰਤਰੀ ਦੇ ਅਹੁਦੇ 'ਤੇ ਬਣੇ ਰਹਿਣ ਦਾ ਕੋਈ ਨੈਤਿਕ ਹੱਕ ਨਹੀਂ ਰਹਿੰਦਾ। ਸਰਨਾ ਨੇ ਕਿਹਾ ਕਿ ਭਗਵੰਤ ਮਾਨ ਦਾ ਅਹੁਦੇ 'ਤੇ ਕਾਇਮ ਰਹਿਣਾ ਸਿੱਖ ਭਾਈਚਾਰੇ ਅਤੇ ਪੰਜਾਬੀਆਂ ਦੀਆਂ ਭਾਵਨਾਵਾਂ ਦਾ ਅਪਮਾਨ ਹੈ। ਸਰਨਾ ਨੇ ਦਾਅਵਾ ਕੀਤਾ ਕਿ ਵਿਵਾਦਿਤ ਵਾਇਰਲ ਵੀਡੀਓ ਦੀ ਦੋ ਸੁਤੰਤਰ ਫੋਰੈਂਸਿਕ ਲੈਬਾਂ ਵੱਲੋਂ ਜਾਂਚ ਕੀਤੀ ਗਈ ਹੈ, ਜਿਸ ਅਨੁਸਾਰ ਵੀਡੀਓ ਨਾਲ ਕੋਈ ਛੇੜਛਾੜ ਨਹੀਂ ਹੋਈ। ਉਨ੍ਹਾਂ ਕਿਹਾ ਕਿ ਪੰਜ ਸਿੰਘ ਸਾਹਿਬਾਨ ਵੱਲੋਂ ਸਰਬਸੰਮਤੀ ਨਾਲ ਲਏ ਗਏ ਫ਼ੈਸਲੇ ਤੋਂ ਬਾਅਦ ਹੁਣ ਕਿਸੇ ਤਰ੍ਹਾਂ ਦੀ ਦੁਵਿਧਾ ਨਹੀਂ ਰਹਿ ਗਈ ਅਤੇ ਆਮ ਆਦਮੀ ਪਾਰਟੀ ਵੱਲੋਂ ਦਿੱਤੀਆਂ ਜਾ ਰਹੀਆਂ ਸਫ਼ਾਈਆਂ ਮਾਮਲੇ ਨੂੰ ਹੋਰ ਗੰਭੀਰ ਬਣਾ ਰਹੀਆਂ ਹਨ। ਉਨ੍ਹਾਂ ਨੇ ਅਕਾਲ ਤਖ਼ਤ ਸਾਹਿਬ ਵੱਲੋਂ 29 ਜੂਨ ਨੂੰ ਤਲਬ ਕੀਤੇ ਗਏ ਸਿੱਖ ਵਿਧਾਇਕਾਂ ਨੂੰ ਬਿਨਾਂ ਕਿਸੇ ਦੇਰੀ ਦੇ ਹਾਜ਼ਰ ਹੋਣ ਦੀ ਅਪੀਲ ਕੀਤੀ ਅਤੇ ਸਿੱਖ ਸੰਗਤ ਨੂੰ ਜਥੇਦਾਰ ਦੇ ਸੱਦੇ ਅਨੁਸਾਰ ਭਗਵੰਤ ਮਾਨ ਨਾਲ ਸਮਾਜਿਕ ਦੂਰੀ ਬਣਾਈ ਰੱਖਣ ਲਈ ਕਿਹਾ। ਸਰਨਾ ਨੇ ਕਿਹਾ ਕਿ ਸੰਗਤ ਨੂੰ ਭਗਵੰਤ ਮਾਨ ਨਾਲ ਮੰਚ ਸਾਂਝਾ ਕਰਨ, ਉਨ੍ਹਾਂ ਦੇ ਸਮਾਗਮਾਂ ਵਿੱਚ ਸ਼ਾਮਲ ਹੋਣ ਅਤੇ ਗੁਰਦੁਆਰਿਆਂ ਵਿੱਚ ਉਨ੍ਹਾਂ ਦਾ ਸਨਮਾਨ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਇਸ ਮੌਕੇ ਮੰਜੀਤ ਸਿੰਘ ਜੀਕੇ, ਪਰਮਜੀਤ ਸਿੰਘ ਖੁਰਾਣਾ, ਸਤਨਾਮ ਸਿੰਘ ਖੀਵਾ, ਪਰਮਜੀਤ ਸਿੰਘ ਵੀਰਜੀ, ਕਰਤਾਰ ਸਿੰਘ ਵਿਕੀ ਚਾਵਲਾ ਸਮੇਤ ਵਡੀ ਗਿਣਤੀ ਵਿਚ ਪਾਰਟੀ ਕਾਰਕੁਨ ਹਾਜਿਰ ਸਨ।

# ਅਮਰ ਸ਼ਹੀਦ ਮਦਨ ਲਾਲ ਢੀਂਗਰਾ ਪਾਰਕ ਵਿਚ ਕਰਵਾਇਆ ਯੋਗਾ ਕੈਂਪ



**ਫ਼ਿਰੋਜ਼ਪੁਰ, 16 ਜੂਨ (ਮਨੋਹਰ ਲਾਲ)** :— ਸੰਸਾਰ ਪੱਧਰ ਤੇ 21ਮਈ ਨੂੰ ਮਨਾਏ ਜਾ ਰਹੇ ਯੋਗਾ ਦਿਵਸ ਦੇ ਸਬੰਧ ਵਿੱਚ ਅਮਰ ਸ਼ਹੀਦ ਮਦਨ ਲਾਲ ਢੀਂਗਰਾ ਪਾਰਕ ਫ਼ਿਰੋਜ਼ਪੁਰ ਛਾਉਣੀ ਵਿਖੇ ਯੋਗਾ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੋਹਿੰਦਰ ਸਿੰਘ ਧਾਲ਼ੀਵਾਲ ਜਨਰਲ ਸਕੱਤਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਡਾਕਟਰ ਗੁਰਨਾਮ ਸਿੰਘ ਫਰਮਾਹ, ਡਾਕਟਰ ਸਤਿੰਦਰ ਸਿੰਘ ਜਿਲ੍ਹਾ ਉਪ ਸਿੱਖਿਆ ਅਫ਼ਸਰ, ਸ੍ਰੀ ਪਰਦੀਪ ਧਵਨ ਪ੍ਰਧਾਨ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ, ਰਾਕੇਸ਼ ਸ਼ਰਮਾ ਸਟੇਜ ਸੈਕਟਰੀ ਨੇ ਮਨੁੱਖੀ ਜੀਵਨ ਨੂੰ ਬਿਮਾਰੀਆਂ ਤੋਂ ਬਚਾਉਣ ਅਤੇ ਤੰਦਰੁਸਤੀ ਲਈ ਯੋਗ ਦੇ ਵਡਮੁਲੇ ਫਾਇਦਿਆਂ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ। ਇਸ ਮੌਕੇ ਵੱਖ—ਵੱਖ ਯੋਗਾ ਸੋਸਾਇਟੀ ਦੇ ਮੈਂਬਰ ਸਾਹਿਬਾਨ, ਬਜੁਰਗ ਪੁਰਸ਼ ਅਤੇ ਔਰਤਾਂ ਹਾਜਰ ਹੋਏ। ਇਸ ਕੈਂਪ ਵਿੱਚ ਮਾਹਰਾਂ ਵੱਲੋਂ ਯੋਗ ਸਾਧਨਾ ਦੀਆਂ ਕਿਰਿਆਵਾਂ ਕਰਵਾਈਆਂ ਗਈਆਂ ਅਤੇ ਨਾਸ਼ਤੇ ਆਦਿ ਦਾ ਭਰਪੂਰ ਪ੍ਰਬੰਧ ਕੀਤਾ ਗਿਆ। ਇਸ ਸਮੇਂ ਸ਼੍ਰੀ ਬਖਸ਼ੀਸ਼ ਸਿੰਘ ਮਠਾੜੂ ਸ਼ਾਹਕੋਟ ਦੀ ਅਗਵਾਈ ਵਿੱਚ ਯੋਗ ਸਾਧਨਾ ਅਤੇ ਹੱਸਣ ਦੀਆਂ ਕਿਰਿਆਵਾਂ ਕਰਵਾਈਆਂ ਗਈਆਂ। ਇਹ ਪਾਰਕ ਸ਼੍ਰੀ ਰਜਿੰਦਰ ਕੁਮਾਰ ਸ਼ਰਮਾ ਵੱਲੋਂ ਆਪਣੀ ਪਤਨੀ ਦੀ ਯਾਦ ਵਿੱਚ ਬਣਾਇਆ ਗਿਆ ਹੈ, ਜਿੱਸ ਸਵੇਰੇ—ਸ਼ਾਮ ਬਹੁਤ ਵੱਡੀ ਗਿਣਤੀ ਬਜ਼ੁਰਗ, ਨੌਜਵਾਨ ਅਤੇ ਬੱਚੇ ਸੈਰ ਕਰਨ ਆਉਂਦੇ ਹਨ। ਸੀਨੀਅਰ ਸਿਟੀਜਨ ਫੋਰਮ ਦੇ ਪ੍ਰਧਾਨ ਸ਼੍ਰੀ ਪਰਦੀਪ ਧਵਨ ਦੀ ਅਗਵਾਈ ਵਿੱਚ ਸ਼੍ਰੀ ਦੇਸ਼ ਬੰਧੂ ਤੁਲੀ, ਅਵਤਾਰ ਸਿੰਘ ਭੋਲਾ, ਮੋਹਿੰਦਰ ਸਿੰਘ ਧਾਲੀਵਾਲ, ਚਰਨਜੀਤ ਮਹਾਜਨ, ਯੋਗਿੰਦਰ ਨਾਥ, ਸੁਰਿੰਦਰ ਵਿੱਜ ਆਦਿ ਨੇ ਯੋਗਾ ਕੈਂਪ ਵਿੱਚ ਹਾਜ਼ਰ ਹੋ ਕੇ ਯੋਗਾ ਸਾਧਨਾ ਦੀਆਂ ਕਿਰਿਆਵਾਂ ਦਾ ਆਨੰਦ ਮਾਣਿਆ। ਫੋਰਮ ਦੇ ਪ੍ਰਧਾਨ ਸ਼੍ਰੀ ਪਰਦੀਪ ਧਵਨ ਨੇ ਜੀਵਨ ਕਲਾ ਯੋਗ ਸੰਮਤੀ ਵੱਲੋਂ ਕੀਤੇ ਗਏ ਯੋਗ ਪ੍ਰਬੰਧਾਂ ਲਈ ਧੰਨਵਾਦ ਕੀਤਾ ਅਤੇ ਵਿਸ਼ਵਾਸ਼ ਦਵਾਇਆ ਕਿ ਸੀਨੀਅਰ ਸਿਟੀਜਨ ਫੋਰਮ ਹਰ ਤਰ੍ਹਾਂ ਦਾ ਸਹਿਯੋਗ ਦੇਣ ਲਈ ਤਿਆਰ ਹੈ।

# ਓਂਕਾਰ ਸਿੰਘ ਸਿੱਧੂ ਨੇ ਪਾਰਟੀ ਪ੍ਰਧਾਨ ਢਿੱਲੋਂ ਨਾਲ ਹਲਕੇ ਸਬੰਧੀ ਕੀਤੀ ਵਿਚਾਰ ਚਰਚਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਨੇ ਪੰਜਾਬ ਦੀਆਂ ਵਿਧਾਨ ਸਭਾ 2027 ਦੀਆਂ ਚੋਣਾਂ ਨੂੰ ਜਿੱਤਣ ਦੇ ਲਈ ਭਾਜਪਾ ਦੇ ਸੀਨੀਅਰ ਆਗੂ ਸ ਕੇਵਲ ਸਿੰਘ ਢਿੱਲੋ ਨੂੰ ਭਾਰਤੀ ਜਨਤਾ ਪਾਰਟੀ ਪੰਜਾਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਢਿੱਲੋਂ ਦੇ ਪ੍ਰਧਾਨ ਬਣਨ ਤੋਂ ਬਾਅਦ ਵਿਧਾਨ ਸਭਾ ਹਲਕਾ ਧੂਰੀ ਤੋਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਮੁਲਾਕਾਤ ਕਰਕੇ ਹਲਕੇ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਸ ਕੇਵਲ ਸਿੰਘ ਢਿੱਲੋਂ ਦੇ ਪੰਜਾਬ ਪ੍ਰਧਾਨ ਬਣਨ ਦੇ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਹੋਰ ਮਜਬੂਤ ਹੋ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੱਡੇ ਮਾਰਜਨ ਨਾਲ ਜਿੱਤ ਕੇ ਢਿੱਲੋਂ ਦੀ ਅਗਵਾਈ ਦੇ ਹੇਠ ਸਰਕਾਰ ਬਣਾਏਗੀ ਕਿਉਕਿ ਢਿੱਲੋਂ ਪਰਿਵਾਰ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਦੇ ਲੋਕਾਂ ਦੀ ਸੇਵਾ ਕਰਦਾ ਆ ਰਿਹਾ ਹੈ।


# ਪਿੰਡ ਗੀਗਨੋਵਾਲ ਵਿਚ ਮੰਤਰੀ ਰਵਜੋਤ ਸਿੰਘ ਵੱਲੋ ਪਾਣੀ ਦੇ ਟਿਊਬਵੈੱਲ ਦਾ ਉਦਘਾਟਨ

**ਹੁਸ਼ਿਆਰਪੁਰ, 14 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਗੀਗਨੋਵਾਲ ਵਿਖੇ ਪੀਣ ਵਾਲੇ ਪਾਣੀ ਦੇ ਨਵੇਂ ਟਿਊਬਵੈੱਲ ਦਾ ਉਦਘਾਟਨ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋ ਕੀਤਾ ਗਿਆ, ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡ ਗੀਗਨੋਵਾਲ ਦੇ ਵਸਨੀਕਾਂ ਵੱਲੋਂ ਕਾਫ਼ੀ ਸਮੇਂ ਤੋਂ ਪੀਣ ਵਾਲੇ ਪਾਣੀ ਦੀ ਸਮੱਸਿਆ ਸਬੰਧੀ ਟਿਊਬਵੈੱਲ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਅੱਜ ਪੂਰਾ ਕਰ ਦਿੱਤਾ ਗਿਆ ਹੈ। ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਸਾਫ਼ ਪੀਣ ਵਾਲਾ ਪਾਣੀ ਹਰ ਨਾਗਰਿਕ ਦਾ ਮੁੱਢਲਾ ਅਧਿਕਾਰ ਹੈ ਅਤੇ ਪੰਜਾਬ ਸਰਕਾਰ ਇਸ ਅਧਿਕਾਰ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਵੇਂ ਟਿਊਬਵੈੱਲ ਦੇ ਸ਼ੁਰੂ ਹੋਣ ਨਾਲ ਪਿੰਡ ਦੇ ਲੋਕਾਂ ਨੂੰ ਹੁਣ ਸਾਫ਼ ਅਤੇ ਸ਼ੁੱਧ ਪਾਣੀ ਆਸਾਨੀ ਨਾਲ ਉਪਲਬਧ ਹੋਵੇਗਾ ਅਤੇ ਉਨ੍ਹਾਂ ਨੂੰ ਪਾਣੀ ਲਈ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ, ਸੜਕਾਂ, ਗਲੀਆਂ-ਨਾਲੀਆਂ, ਪਾਣੀ ਸਪਲਾਈ, ਸਿੱਖਿਆ ਅਤੇ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਸਰਕਾਰ ਦਾ ਮਕਸਦ ਸੂਬੇ ਦੇ ਹਰ ਪਿੰਡ ਅਤੇ ਹਰ ਘਰ ਤੱਕ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਹਲਕੇ ਦੇ ਸਮੁੱਚੇ ਵਿਕਾਸ ਲਈ ਹੋਰ ਵੀ ਕਈ ਪ੍ਰੋਜੈਕਟਾਂ 'ਤੇ ਕੰਮ ਜਾਰੀ ਹੈ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਨਵੇਂ ਵਿਕਾਸ ਕਾਰਜ ਲਗਾਤਾਰ ਸ਼ੁਰੂ ਕੀਤੇ ਜਾਣਗੇ।

‘ਪੰਜਾਬੀ ਕਲਮ ਕੇਂਦਰ ਮੌਂਟਰੀਅਲ ਵੱਲੋਂ ਮੋਹਣਪ੍ਰੀਤ ਸਿੰਘ ਪੱਤੜ ਦਾ ਕਾਵਿ ਸੰਗ੍ਰਹਿ

# ‘ਸਿ.ਫਰ ਤੋਂ ਸ.ਫਰ ਤੀਕ’ ਦਾ ਲੋਕ ਅਰਪਣ ਤੇ ਕਵੀ ਦਰਬਾਰ ਕਰਵਾਇਆ ਗਿਆ...



















**ਮੌਂਟਰੀਅਲ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨੀਂ ਪੰਜਾਬੀ ਕਲਮ ਕੇਂਦਰ ਮੌਂਟਰੀਅਲ ਵੱਲੋਂ ਉੱਘੇ ਪ੍ਰਵਾਸੀ ਸ਼ਾਇਰ ਮੋਹਣਪ੍ਰੀਤ ਸਿੰਘ ਪੱਤੜ ਹੁਰਾਂ ਦੀ ਪੁਸਤਕ ‘ਸਿ.ਫ਼ਰ ਤੋਂ ਸਫਰ ਤੱਕ’ ਲੋਕ ਅਰਪਣ ਤੇ ਕਵੀ ਦਰਬਾਰ ਕਰਵਾਇਆ ਗਿਆ ਇਸ ਮੌਕੇ ਮੰਚ ਸੰਚਾਲਕ ਵਜੋਂ ਗੁਰਿੰਦਰਜੀਤ ਸਿੰਘ ਵਲੋਂ ਕਿਤਾਬ ਦੀ ਮੁਢਲੀ ਜਾਣ ਪਛਾਣ ਉਪਰੰਤ ਸੁਖਵਿੰਦਰ ਸੁਖੀ.ਅਮਨਦੀਪ ਅਮਨ ਅਤੇ ਸੁਰਜੀਤ ਸਿੰਘ ਪਾਹਵਾ ਹੋਰਾਂ ਵੱਲੋਂ ਕਵੀ ਦੀਆਂ ਖਿਆਲਾਂ ਉਡਾਰੀਆਂ ਤੇ ਕਿਤਾਬ ਦੇ ਹਰ.ਫਾਂ ਵਿੱਚ ਲੁਕੀ ਭਾਵਨਾ ਦਾ ਅਹਿਸਾਸ ਪ੍ਰਦਰਸ਼ਿਤ ਕਰਦੇ ਪਰਚੇ ਪੜ੍ਹੇ ਗਏ ।ਉਪਰੰਤ ਗੁਰਿੰਦਰਜੀਤ ਵੱਲੋਂ ਮੋਹਣਪ੍ਰੀਤ ਪੱਤੜ ਨਾਲ ਕਿਤਾਬ ਵਿਚਲੇ ਕਾਵਿਕ ਰੰਗਾਂ ਬਾਰੇ ਗੱਲਬਾਤ ਦੇ ਨਾਲ ਨਾਲ ਕਵੀ ਦੀ ਆਪਣੀ ਜ਼ੁਬਾਨੀ ਕਵਿਤਾਵਾਂ ਸੁਣ ਸਰੋਤਿਆਂ ਦੇ ਚਿਹਰਿਆਂ ਤੇ ਵੱਖਰਾ ਹੀ ਸਰੂਰ ਆ ਗਿਆ ਇਸ ਤੋਂ ਉਪਰੰਤ ਕਵੀ ਦਰਬਾਰ ਵਿੱਚ ਸ਼ਾਜ਼ੀਆ ਅਤੇ ਮੀਨੂੰ ਸਚਦੇਵਾ ਦੀ ਪੇਸ਼ਕਾਰੀ ਤੋਂ ਬਾਅਦ ਹਰਜਿੰਦਰ ਰਾਹੀ ਦੀਆਂ ਗ.ਜ਼ਲਾਂ, ਸੁਪਨਪ੍ਰੀਤ ਦੀ ਕਵਿਤਾ ਦੀਪਇੰਦਰ ਸਿੱਧੂ ਨੇ ਹਰਜਿੰਦਰ ਸਿੰਘ ਪੱਤੜ ਦਾ ਲਿਖਿਆ ਗੀਤ ਗਾ ਕੇ ਸਰੋਤਿਆਂ ਦਾ ਉਚੇਚਾ ਧਿਆਨ ਖਿੱਚਿਆ ਅਤੇ ਸੁਰਿੰਦਰਪਾਲ ਸਿੰਘ ਦਿਆਂ ਗੀਤਾਂ, ਮਨਜੀਤ ਚਾਤ੍ਰਿਕ ਹੋਰਾਂ ਦੀ ਪੁਰਾਣੀ ਛੰਦਾਂ ਬੰਦੀ ਦੀ ਝਲਕਾਂ ਨਾਲ ਸਮਾਂ ਬੰਨ੍ਹਿਆ ਕੌਰਨਵਾਲ ਤੋਂ ਸ਼ੋਇਬ ਸਾਦਿਕ ਹੋਰਾਂ ਮੋਹਣਪ੍ਰੀਤ ਪੱਤੜ ਦੀ ਹੌਸਲਾ ਅਫਜ਼ਾਈ ਕਰਦਿਆਂ ਲਹਿੰਦੇ ਪੰਜਾਬ ਦੇ ਰੰਗ ਸੁਣਾਏ ਔਟਵਾ ਤੋ ਪਰਮਿੰਦਰ ਸਿੰਘ ਕਲੌਂਟੀ ਹੋਰਾਂ ਨੇ ਧਾਰਮਿਕ ਕਵਿਤਾ ਨਾਲ ਹਾਜ਼ਰੀ ਲਗਵਾਈ ਸੁਰਜੀਤ ਸਿੰਘ ਪਾਹਵਾ ਪੱਤੇ ਕਵਿਤਾ ਪੜ੍ਹੀ ਹਰਜਿੰਦਰ ਸਿੰਘ ਪੱਤੜ ਨੇ ਪਰਵਾਰ ਦੇ ਸਰੀਰਕ ਤੌਰ ਤੇ ਵਿੱਛੜੇ ਅਤੇ ਸਿਮਰਤੀਆਂ ਵਿੱਚ ਵੱਸਦੇ ਜੀਆਂ ਨੂੰ ਯਾਦ ਕਰਦਿਆਂ ਭਾਵ ਪੂਰਵਕ ਨਜ਼ਮਾਂ ਪੜ੍ਹੀਆਂ ।ਇਸ ਮੌਕੇ ਸਰੋਤਿਆਂ ਤੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਸਭਾ ਦੇ ਮੁੱਖ ਕਾਰਜ ਕਰਤਾ ਹਰਜਿੰਦਰ ਸਿੰਘ ਪੱਤੜ ਨੇ ਕਿਹਾ, “ ਸਿ.ਫ਼ਰ ਤੋਂ ਸ.ਫ਼ਰ ਤੀਕ” ਕਿਤਾਬ ਪਾਠਕਾਂ ਦੀ ਕਚਹਿਰੀ ਵਿੱਚ ਪੇਸ਼ ਕਰਦਿਆਂ ਪੰਜਾਬੀ ਕਲਮ ਕੇਂਦਰ ਮੌਂਟਰੀਆਲ ਮਾਣ ਮਹਿਸੂਸ ਕਰਦਾ ਹੈ।”

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਅਰਜਨ ਦੇਵ ਜੀ ਨੇ ਆਦਿ ਗ੍ਰੰਥ ਦੀ ਸੰਪਾਦਨਾ ਕਰ ਕੇ ਸਾਡੀ ਝੋਲੀ ਗੁਰਬਾਣੀ ਦੀ ਦਾਤ ਪਾਈ: ਕਾਲਕਾ





**ਨਵੀਂ ਦਿੱਲੀ, 16 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੀ ਬਲਾਕ ਕਾਲਕਾ ਵਿਖੇ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਦੌਰਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਪੰਜਵੇਂ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਨੇ ਪਹਿਲੇ ਚਾਰ ਗੁਰੂ ਸਾਹਿਬਾਨ, ਆਪਣੀ ਬਾਣੀ ਅਤੇ ਭਗਤਾਂ-ਭੱਟਾਂ ਦੀ ਬਾਣੀ ਦੀ ਸੰਪਾਦਨਾ ਕਰਕੇ ਆਦਿ ਗ੍ਰੰਥ ਦੀ ਰਚਨਾ ਕੀਤੀ ਅਤੇ ਸਿੱਖ ਕੌਮ ਨੂੰ ਗੁਰਬਾਣੀ ਦਾ ਅਨਮੋਲ ਖ਼ਜ਼ਾਨਾ ਬਖ਼ਸ਼ਿਆ। ਉਨ੍ਹਾਂ ਕਿਹਾ ਕਿ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਰੂਪ ਦੇ ਕੇ ਸਿੱਖਾਂ ਨੂੰ ਇਸੇ ਨੂੰ ਆਪਣਾ ਗੁਰੂ ਮੰਨਣ ਦਾ ਹੁਕਮ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਅਰਜਨ ਦੇਵ ਜੀ ਨੇ ਮੁਗਲ ਹਕੂਮਤ ਅੱਗੇ ਝੁਕਣ ਦੀ ਬਜਾਏ ਪਰਮਾਤਮਾ ਦਾ ਨਾਮ ਜਪਦਿਆਂ ਸ਼ਹਾਦਤ ਦਿੱਤੀ। ਕਾਲਕਾ ਨੇ ਕਿਹਾ ਕਿ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਨੌਜਵਾਨ ਪੀੜੀ ਨੂੰ ਗੁਰਬਾਣੀ, ਦਸਤਾਰ ਅਤੇ ਗੁਰਸਿੱਖੀ ਜੀਵਨ ਨਾਲ ਜੋੜਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਇਸ ਮੌਕੇ ਉਨ੍ਹਾਂ ਇਸਤਰੀ ਸਤਿਸੰਗ ਦੀਆਂ ਮੈਂਬਰਾਂ ਅਤੇ ਸਮਾਗਮ ਦੇ ਪ੍ਰਬੰਧਕਾਂ ਦੀ ਵੀ ਸ਼ਲਾਘਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਰਸੋਈ ਸਮਾਨ ਕਿੱਟਾਂ ਦੀ ਵੰਡ ਨਾਲ ਲਾਭਪਾਤਰੀਆਂ ਵਿੱਚ ਖ਼ੁਸ਼ੀ ਦੀ ਲਹਿਰ, ਸਰਕਾਰ ਦਾ ਕੀਤਾ ਧੰਨਵਾਦ





**ਤਲਵੰਡੀ ਸਾਬੋ, 16 ਜੂਨ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਤਹਿਤ ਪਿੰਡਾਂ ਵਿੱਚ ਲੋੜਵੰਦ ਪਰਿਵਾਰਾਂ ਨੂੰ ਰਸੋਈ ਦੇ ਸਮਾਨ ਦੀਆਂ ਕਿੱਟਾਂ ਵੰਡਣ ਦਾ ਕੰਮ ਲਗਾਤਾਰ ਜਾਰੀ ਹੈ। ਇਸੇ ਕੜੀ ਤਹਿਤ ਅੱਜ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਦੇ ਪਿੰਡ ਨਥੇਹਾ ਵਿਖੇ ਯੋਗ ਲਾਭਪਾਤਰੀ ਪਰਿਵਾਰਾਂ ਨੂੰ ਰਸੋਈ ਸਮਾਨ ਦੀਆਂ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਲਾਭਪਾਤਰੀ ਪਰਿਵਾਰਾਂ ਨੇ ਪੰਜਾਬ ਸਰਕਾਰ ਵੱਲੋਂ ਦਿੱਤੀ ਜਾ ਰਹੀ ਇਸ ਸਹੂਲਤ ਲਈ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮਹਿੰਗਾਈ ਦੇ ਇਸ ਦੌਰ ਵਿੱਚ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਇਹ ਕਿੱਟਾਂ ਘਰੇਲੂ ਖਰਚਿਆਂ ਵਿੱਚ ਕਾਫੀ ਮਦਦਗਾਰ ਸਾਬਤ ਹੋਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਆਮ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਸ਼ੁਰੂ ਕੀਤੀਆਂ ਗਈਆਂ ਭਲਾਈ ਸਕੀਮਾਂ ਦਾ ਲਾਭ ਸਿੱਧਾ ਲੋਕਾਂ ਤੱਕ ਪਹੁੰਚ ਰਿਹਾ ਹੈ। ਲਾਭਪਾਤਰੀਆਂ ਨੇ ਦੱਸਿਆ ਕਿ ਇਸ ਕਿੱਟ ਵਿਚ ਜਿਥੇ ਦੋ ਕਿਲੋ ਖੰਡ, ਇੱਕ ਲਿਟਰ ਸਰੋਂ ਤੇਲ, ਹਲਦੀ, ਨਮਕ ਆਦਿ ਪੈਕ ਕਰਕੇ ਭੇਜਿਆ ਗਿਆ ਹੈ। ਪਿੰਡ ਵਾਸੀਆਂ ਅਤੇ ਕਿੱਟਾਂ ਪ੍ਰਾਪਤ ਕਰਨ ਵਾਲੇ ਖਪਤਕਾਰਾਂ ਨੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪ੍ਰੋ. ਬਲਜਿੰਦਰ ਕੌਰ ਵੱਲੋਂ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਸਰਕਾਰੀ ਸਕੀਮਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਦੇ ਨਾਲ ਹੀ ਲਾਭਪਾਤਰੀਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਸਮਾਜ ਦੇ ਹਰ ਵਰਗ ਲਈ ਕਈ ਲੋਕ-ਹਿਤੈਸ਼ੀ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਇਨ੍ਹਾਂ ਪਹਿਲਕਦਮੀਆਂ ਨਾਲ ਆਮ ਲੋਕਾਂ ਨੂੰ ਸਿੱਧਾ ਫਾਇਦਾ ਮਿਲ ਰਿਹਾ ਹੈ ਅਤੇ ਲੋਕਾਂ ਦਾ ਸਰਕਾਰ ਪ੍ਰਤੀ ਵਿਸ਼ਵਾਸ ਹੋਰ ਮਜ਼ਬੂਤ ਹੋ ਰਿਹਾ ਹੈ। ਪਿੰਡ ਨਥੇਹਾ ਵਿੱਚ ਕਿੱਟਾਂ ਦੀ ਵੰਡ ਦੌਰਾਨ ਲਾਭਪਾਤਰੀਆਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ। ਲੋਕਾਂ ਨੇ ਉਮੀਦ ਜਤਾਈ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਲੋਕ-ਭਲਾਈ ਸਕੀਮਾਂ ਜਾਰੀ ਰਹਿਣਗੀਆਂ ਤਾਂ ਜੋ ਲੋੜਵੰਦ ਪਰਿਵਾਰਾਂ ਨੂੰ ਰਾਹਤ ਮਿਲ ਸਕੇ ਅਤੇ ਉਨ੍ਹਾਂ ਦਾ ਜੀਵਨ ਪੱਧਰ ਹੋਰ ਬਿਹਤਰ ਬਣ ਸਕੇ। ਇਸ ਮੌਕੇ ਹਾਜ਼ਰ ਪਿੰਡ ਵਾਸੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਜਨ-ਕਲਿਆਣਕਾਰੀ ਸਕੀਮਾਂ ਦਾ ਲਾਭ ਹਕੀਕਤ ਵਿੱਚ ਪਿੰਡਾਂ ਤੱਕ ਪਹੁੰਚ ਰਿਹਾ ਹੈ, ਜਿਸ ਕਾਰਨ ਲੋਕਾਂ ਵਿੱਚ ਸੰਤੁਸ਼ਟੀ ਅਤੇ ਖੁਸ਼ੀ ਦਾ ਮਾਹੌਲ ਹੈ।


ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਿੰਡ ਬੁਰਜ ਕੁਲਾਰਾ ਵਿਖੇ ਛੱਪੜ ਦਾ ਕੀਤਾ ਜਾ ਰਿਹਾ ਸੀ ਨਵੀਨੀਕਰਨ ਕੰਧਾਂ ਹੋਈਆਂ ਢਹਿ ਢੇਰੀ

# ਨਗਰ ਦੇ ਕੁਝ ਆਗੂਆਂ ਨੇ ਘਟੀਆ ਮਟੀਰੀਅਲ ਤੇ ਪਿੱਲੀਆਂ ਇੱਟਾਂ ਲਾਉਣ ਦਾ ਲਾਇਆ ਦੋਸ਼, ਸਰਪੰਚ ਨੇ ਦੋਸਾਂ ਨੂੰ ਨਕਾਰਿਆ









ਜਗਰਾਉਂ -(ਵਰਿਆਮ ਹਠੂਰ) ਜਿਲ੍ਹਾ ਲੁਧਿਆਣਾ ਦੇ ਆਖਰੀ ਪਿੰਡ ਬੁਰਜ ਕਲਾਰਾ ਵਿਖੇ ਗੰਦੇ ਪਾਣੀ ਦੀ ਨਿਕਾਸੀ ਲਈ ਨਗਰ ਪੰਚਾਇਤ ਵੱਲੋਂ ਛੱਪੜ ਦਾ ਨਵੀਨੀਕਰਨ ਕੀਤਾ ਜਾ ਰਿਹਾ ਸੀ। ਜੋ ਉਸਾਰੀ ਅਧੀਨ ਸੀ ਤੇ ਲੰਘੀ 22 ਮਈ ਨੂੰ ਆਮ ਆਦਮੀ ਪਾਰਟੀ ਤੋਂ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਅਤੇ ਬਲਾਕ ਸੰਮਤੀ ਮੈਂਬਰ ਪਰਮਿੰਦਰ ਸਿੰਘ ਹਠੂਰ ਵੱਲੋਂ ਰਸਮੀ ਉਦਘਾਟਨ ਵੀ ਕੀਤਾ ਗਿਆ ਸੀ। ਪਰ ਬੀਤੇ ਦਿਨੀ ਬਾਰਿਸ ਹੋਣ ਕਾਰਨ

ਆਵਾਜ਼ਿ ਕੌਮ AWAZE QAUM International Newspaper & WEB TV

ਛੱਪੜ ਦੀਆਂ ਕੁਝ ਕੰਧਾਂ ਬੈਠ ਕੇ ਢਹਿ ਢੇਰੀ ਹੋ ਗਈਆਂ, ਤੇ ਗੰਦੇ ਪਾਣੀ ਦੀ ਨਿਕਾਸੀ ਵਾਲੇ ਤਿਆਰ ਹੋ ਰਹੇ ਛੱਪੜ ਦੀ ਮੌਜੂਦਾ ਹਾਲਤ ਵੇਖ ਕੇ ਨਗਰ ਦੇ ਲੋਕਾਂ ਦੀਆਂ ਆਸਾਂ ਤੇ ਇੱਕ ਵਾਰ ਤਾਂ ਪਾਣੀ ਫਿਰ ਗਿਆ, ਨਗਰ ਦੇ ਕੁਝ ਆਗੂਆਂ ਨੇ ਛੱਪੜ ਦੇ ਹੋ ਰਹੇ ਨਵੀਨੀਕਰਨ ਤੇ ਪਿੱਲੀ ਇੱਟ ਅਤੇ ਘਟੀਆ ਮਟੀਰੀਅਲ ਵਰਤਣ ਦੇ ਦੋਸ਼ ਲਗਾਏ ਹਨ। ਪਰ ਨਗਰ ਦੇ ਸਰਬਸੰਮਤੀ ਨਾਲ ਚੁਣੇ ਗਏ ਸਰਪੰਚ ਚਮਕੌਰ ਸਿੰਘ ਕੈਨੇਡਾ ਨੇ ਲੱਗੇ ਦੋਸ਼ਾਂ ਨੂੰ ਮੁੱਢ ਤੋ ਨਕਾਰਿਆ ਹੈ। ਉਨ੍ਹਾਂ ਛੱਪੜ ਤੇ ਨਗਰ ਦੇ ਵਸਨੀਕਾਂ ਨੂੰ ਨਾਲ ਲੈ ਕੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਡੇ ਤੇ ਵਿਰੋਧੀ ਧਿਰ ਵੱਲੋਂ ਜੋ ਪਿੱਲੀ ਇੱਟ ਅਤੇ ਘਟੀਆ ਮਟੀਰੀਅਲ ਵਰਤਣ ਦੇ ਦੋਸ਼ ਲਗਾਏ ਹਨ। ਉਹ ਬੇਬੁਨਿਆਦ ਹਨ। ਸਾਡੇ ਵੱਲੋਂ ਜੋ ਇੱਟ ਤੇ ਮਟੀਰੀਅਲ ਵਰਤਿਆ ਜਾ ਰਿਹਾ ਹੈ। ਉਹ ਵਧੀਆ ਤੇ ਇੱਕ ਨੰਬਰ ਹੈ, ਉਨ੍ਹਾਂ ਕਿਹਾ ਕਿ ਕੰਧਾਂ ਡਿੱਗਣ ਦਾ ਮੇਨ ਕਾਰਨ ਹੈ। ਕਿ ਲੰਘੇ ਦਿਨੀਂ ਰਾਤ ਸਮੇਂ ਕਿਸੇ ਸ਼ਰਾਰਤੀ ਅਨਸਰ ਵੱਲੋਂ ਪਾਣੀ ਵਾਲਾ ਨੱਕਾ ਖੋਲ ਦਿੱਤਾ ਗਿਆ, ਤੇ ਸਾਇਡਾਂ ਤੇ ਪਾਣੀ ਪੈਣ ਕਾਰਨ ਤੇ ਪਾਣੀ ਦੀ ਧੱਕ ਵੱਜਣ ਨਾਲ ਕੰਧਾਂ ਡਿੱਗ ਪਈਆਂ ਤੇ ਬਹੁਤ ਵੱਡਾ ਨੁਕਸਾਨ ਹੋ ਗਿਆ ਉਨ੍ਹਾਂ ਦੱਸਿਆ ਕਿ ਹਾਲੇ ਛੱਪੜ ਦਾ ਕੰਮ ਉਸਾਰੀ ਅਧੀਨ ਸੀ ਤੇ ਕੰਮ ਚੱਲ ਰਿਹਾ ਸੀ ਤੇ ਕਿਸੇ ਸ਼ਰਾਰਤੀ ਅਨਸਰ ਨੇ ਸ਼ਰਾਰਤ ਕਰਕੇ ਪਿੰਡ ਦਾ ਨੁਕਸਾਨ ਕਰ ਦਿੱਤਾ, ਜਿਸ ਕਰਕੇ ਦਿਲ ਨੂੰ ਦੁੱਖ ਲੱਗਿਆ ਸਰਪੰਚ ਚਮਕੌਰ ਸਿੰਘ ਕੈਨੇਡਾ ਨੇ ਕਿਹਾ ਕਿ ਇਸ ਸਬੰਧੀ ਥਾਣਾ ਹਠੂਰ ਵਿਖੇ ਇੱਕ ਲਿਖਤੀ ਦਰਖਾਸ਼ਤ ਵੀ ਦਿੱਤੀ ਹੋਈ ਹੈ। ਪਰ ਵਿਰੋਧੀ ਧਿਰਾਂ ਵੱਲੋਂ ਜਾਣ ਬੁੱਝ ਕੇ ਬਦਨਾਮ ਕੀਤਾ ਜਾ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮੈਂ ਪਹਿਲਾਂ ਆਪਣੇ ਖੇਤ ਵਿੱਚੋਂ ਮਿੱਟੀ ਚਕਵਾ ਕੇ ਨੀਵਾਂ ਰਸਤਾ ਉੱਚਾ ਕਰਨ ਲਈ ਉੱਧਮ ਵੀ ਕੀਤਾ ਸੀ। ਜਿਸ ਸਮੇਂ ਕੋਈ ਵੀ ਮਿੱਟੀ ਚਕਵਾਉਣ ਲਈ ਤਿਆਰ ਨਹੀਂ ਸੀ। ਤੇ ਇਹ ਸਭ ਲੋਕਾਂ ਦੀ ਭਲਾਈ ਲਈ ਹੀ ਕੀਤਾ ਗਿਆ ਸੀ। ਤੇ ਲੋਕ ਭਲਾਈ ਦੇ ਕੰਮ ਅਸੀਂ ਕਰਦੇ ਰਹਾਂਗੇ, ਛੱਪੜ ਚੋਂ ਚੱਕੀ ਮਿੱਟੀ ਪਿੰਡ ਦੀਆਂ ਥਾਵਾਂ ਤੇ ਵਰਤੀ ਗਈ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਕੁਝ ਵੀ ਕਹਿਣ ਅਸੀਂ ਛੱਪੜ ਦਾ ਕੰਮ ਵਧੀਆ ਢੰਗ ਨਾਲ ਨੇਪਰੇ ਚਾੜਾਂਗੇ, ਇਸ ਮੌਕੇ ਲੇਖਕ ਅਤੇ ਕਵੀਸ਼ਰ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ ਅਤੇ ਛਿੰਦਰਪਾਲ ਸ਼ਰਮਾ ਨੇ ਕਿਹਾ ਕਿ ਬੜੇ ਲੰਬੇ ਅਰਸ਼ੇ ਤੋਂ ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦੀ ਹਾਲਤ ਨੂੰ ਲੈ ਕੇ ਲੋਕ ਮੁਸ਼ਿਕਲਾਂ ਦਾ ਸਾਹਮਣਾ ਕਰਦੇ ਆ ਰਹੇ ਸਨ। ਪਰ ਇਹ ਕੰਮ ਹੁਣ ਸਰਪੰਚ ਚਮਕੌਰ ਸਿੰਘ ਅਤੇ ਸਮੁੱਚੀ ਗ੍ਰਾਮ ਪੰਚਾਇਤ ਦੇ ਹਿੱਸੇ ਆਇਆ ਜੋ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਛੱਪੜ ਦਾ ਨਵੀਨੀਕਰਨ ਕੀਤਾ ਜਾ ਰਿਹਾ ਸੀ। ਤੇ ਨਗਰ ਦੇ ਲੋਕ ਵੀ ਬੇਹੱਦ ਖੁਸ਼ ਸਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਸਾਡੀ ਸਬੰਧਤ ਪ੍ਰਸ਼ਾਸ਼ਨ ਤੋਂ ਮੰਗ ਹੈ। ਕਿ ਜਾਂਚ ਕਰਕੇ ਕਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਸਰਪੰਚ ਚਮਕੌਰ ਸਿੰਘ ਕੈਨੇਡਾ, ਕਿਰਨਦੀਪ ਸਰਮਾਂ, ਛਿੰਦਰਪਾਲ ਸਰਮਾਂ, ਸਵਰਨ ਸਿੰਘ, ਪਰਮਜੀਤ ਕੋਰ, ਅਵਤਾਰ ਸਿੰਘ, ਮਹਿੰਦਰ ਸਿੰਘ, ਜਗਵਿੰਦਰ ਸਿੰਘ, ਪਰਮਜੀਤ ਕੌਰ ਪਤਨੀ ਜਗਦੇਵ ਸਿੰਘ, ਲਛਮਣ ਸਿੰਘ, ਮਿੱਠੂ ਸਿੰਘ, ਸੁਖਪ੍ਰੀਤ ਸਿੰਘ, ਗੁਰਮੀਤ ਸਿੰਘ ਸਾਬਕਾ ਪੰਚ, ਵਾਹਿਗੁਰੂ ਪਾਲ ਸਿੰਘ, ਪ੍ਰਦੀਪ ਸਿੰਘ, ਅਜੈਬ ਸਿੰਘ, ਜਗਰਾਜ ਸਿੰਘ, ਸਮੇਤ ਅਨੇਕਾਂ ਪਿੰਡ ਵਾਸੀ ਹਾਜਰ ਸਨ।

**ਆਮ ਆਦਮੀ ਪਾਰਟੀ ਤੋਂ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਕੀਤਾ ਸੀ ਉਦਘਾਟਨ**

## ਤਿੜਕਿਆ ਚੰਨ (ਕਹਾਣੀ)



ਪੂਰਨਮਾਸ਼ੀ ਦੀ ਚਾਨਣੀ ਇੱਕ ਵੱਡੇ ਵਿਹੜੇ ਵਿੱਚ ਦੁੱਧ ਵਾਂਗ ਖਿੰਡੀ ਹੋਈ ਸੀ, ਪਰ ਜਗਤਾਰ ਸਿੰਘ ਦੇ ਘਰ ਦੇ ਅੰਦਰਲਾ ਮਾਹੌਲ ਕਿਸੇ ਮੱਸਿਆ ਦੀ ਕਾਲੀ ਰਾਤ ਵਰਗਾ ਸੀ। ਜਗਤਾਰ ਅਤੇ ਉਸਦੀ ਪਤਨੀ ਸੁਖਵਿੰਦਰ ਕੌਰ ਦੇ ਵਿਆਹ ਨੂੰ ਡੇਢ ਦਹਾਕਾ ਬੀਤ ਚੁੱਕਾ ਸੀ। ਬਾਹਰਲੇ ਲੋਕਾਂ ਲਈ ਉਹ ਇੱਕ ਰੱਜਦਾ-ਪੁੱਜਦਾ ਪਰਿਵਾਰ ਸਨ, ਪਰ ਉਸ ਆਲੀਸ਼ਾਨ ਕੋਠੀ ਦੇ ਅੰਦਰ ਦੋਵਾਂ ਦੇ ਰਿਸ਼ਤੇ ਦਾ ਚੰਨ ਕਦੋਂ ਦਾ ਤਿੜਕ ਚੁੱਕਿਆ ਸੀ। ਜਗਤਾਰ ਨਾ ਸਿਰਫ਼ ਚਿੱਟੇ ਦੀ ਦਲਦਲ ਵਿੱਚ ਧਸ ਚੁੱਕਾ ਸੀ, ਬਲਕਿ ਸ਼ਹਿਰ ਰਹਿੰਦੀ ਕਿਸੇ ਹੋਰ ਔਰਤ ਨਾਲ ਉਸਦੇ ਨਾਜਾਇਜ਼ ਸੰਬੰਧਾਂ (ਦੀਆਂ ਖ਼ਬਰਾਂ ਹੁਣ ਸੁਖਵਿੰਦਰ ਦੇ ਕੰਨਾਂ ਤੱਕ ਪਹੁੰਚ ਚੁੱਕੀਆਂ ਸਨ।

ਸੁਖਵਿੰਦਰ—ਜੋ ਕਦੇ ਚਾਵਾਂ-ਲਾਡਾਂ ਨਾਲ ਇਸ ਘਰ ਆਈ ਸੀ—ਹੁਣ ਸਿਰਫ਼ ਹੰਝੂਆਂ ਦੇ ਸਹਾਰੇ ਜੀ ਰਹੀ ਸੀ। ਜਗਤਾਰ ਆਪਣੀ ਜ਼ਮੀਨ ਨਸ਼ਿਆਂ ਵਿੱਚ ਉਡਾ ਰਿਹਾ ਸੀ ਅਤੇ ਜਦੋਂ ਸੁਖਵਿੰਦਰ ਰੋਕਦੀ, ਤਾਂ ਅੱਗੋਂ ਕੁੱਟਮਾਰ ਉਸਦਾ ਮੁਕੱਦਰ ਬਣਦੀ।

ਵੇਹੜੇ ਦੇ ਇੱਕ ਕੋਨੇ ਵਿੱਚ ਡਾਹੀ ਮੰਜੀ ’ਤੇ ਬੈਠੀ ਜਗਤਾਰ ਦੀ ਬਜ਼ੁਰਗ ਦਾਦੀ, ਬਚਨ ਕੌਰ, ਮਾਲ਼ਾ ਫੇਰ ਰਹੀ ਸੀ, ਪਰ ਉਸਦੀਆਂ ਬੁੱਢੀਆਂ ਅੱਖਾਂ ਪੋਤੇ ਦੀਆਂ ਕਰਤੂਤਾਂ ’ਤੇ ਰੋ ਰਹੀਆਂ ਸਨ। ਉਸਨੇ ਹੌਲੀ ਦੇਣੀ ਜਗਤਾਰ ਦੇ ਵੱਡੇ ਭਰਾ ਸੁਖਦੇਵ ਨੂੰ ਕੋਲ ਸੱਦਿਆ, “ਪੁੱਤ, ਜਗਤਾਰ ਨੂੰ ਸਮਝਾ... ਨਸ਼ੇ ਤੇ ਐਬ ਘਰ ਉਜਾੜ ਦਿੰਦੇ ਨੇ।” ਸੁਖਦੇਵ ਨੇ ਬੇਵਸੀ ਨਾਲ ਹਉਕਾ ਭਰਿਆ। ਸੁਖਦੇਵ ਦੀ ਪਤਨੀ ਹਰਪ੍ਰੀਤ ਕੌਰ ਵੀ ਰਸੋਈ ਦੀ ਚੁਗਾਠ ਕੋਲ ਖੜ੍ਹੀ ਸੁਖਵਿੰਦਰ ਦਾ ਦਰਦ ਮਹਿਸੂਸ ਕਰ ਰਹੀ ਸੀ, “ਸੁਖਵਿੰਦਰ ਨੇ ਨਰਕ ਭੋਗਿਆ ਇਸ ਘਰ ਵਿੱਚ, ਪਰ ਇਹ ਬੰਦਾ ਸੁਧਰਨ ਵਾਲਾ ਨਹੀਂ।÷

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਭਾਰੀ ਮਾਹੌਲ ਦਾ ਸਭ ਤੋਂ ਮਾਰੂ ਅਸਰ ਬੱਚਿਆਂ ’ਤੇ ਹੋ ਰਿਹਾ ਸੀ। ਸੁਖਵਿੰਦਰ ਦੀ ਚੌਦਾਂ ਸਾਲਾਂ ਦੀ ਧੀ ਕਿਰਨ ਅੰਦਰਲੇ ਕਮਰੇ ਵਿੱਚ ਆਪਣੇ ਨੌਂ ਸਾਲਾਂ ਦੇ ਛੋਟੇ ਭਰਾ ਨਵਜੋਤ ਨੂੰ ਗਲ਼ ਨਾਲ ਲਾਈ ਬੈਠੀ ਸੀ। ਬਾਹਰੋਂ ਆਉਂਦੀਆਂ ਪਿਓ ਦੀਆਂ ਗਾਲ੍ਹਾਂ ਸੁਣ ਕੇ ਨਵਜੋਤ ਕੰਬ ਰਿਹਾ ਸੀ।

ਇਸੇ ਦੌਰਾਨ, ਸੁਖਵਿੰਦਰ ਦਾ ਛੋਟਾ ਭਰਾ ਕੁਲਦੀਪ ਸਿੰਘ ਆਪਣੀ ਪਤਨੀ ਗੁਰਮੀਤ ਕੌਰ ਨਾਲ ਮਿਲਣ ਆਇਆ। ਸੁਖਵਿੰਦਰ ਨੂੰ ਆਸ ਸੀ ਕਿ ਸ਼ਾਇਦ ਅੱਜ ਉਸਦੇ ਪੇਕੇ ਉਸਦੀ ਬਾਂਹ ਫੜਨਗੇ। ਜਦੋਂ ਸੁਖਵਿੰਦਰ ਨੇ ਰੋ ਕੇ ਆਪਣਾ ਦਰਦ ਬਿਆਨ ਕੀਤਾ ਕਿ ਜਗਤਾਰ ਨਸ਼ੇ ਕਰਦਾ ਹੈ ਅਤੇ ਬਾਹਰ ਮੂੰਹ ਮਾਰਦਾ ਹੈ, ਤਾਂ ਭਰਾ ਕੁਲਦੀਪ ਦੇ ਚਿਹਰੇ ’ਤੇ ਹਮਦਰਦੀ ਦੀ ਬਜਾਏ ਇੱਕ ਬੇਰੁਖ਼ੀ ਛਾ ਗਈ।

ਕੁਲਦੀਪ ਨੇ ਠੰਢੇ ਰੂਪ ਵਿੱਚ ਕਿਹਾ, “ਭੈਣ, ਘਰਾਂ ਦੇ ਕਲੇਸ਼ ਤਾਂ ਚੱਲਦੇ ਹੀ ਰਹਿੰਦੇ ਨੇ। ਹੁਣ ਤੂੰ ਦੋ ਬੱਚਿਆਂ ਦੀ ਮਾਂ ਹੈਂ, ਤੈਨੂੰ ਹੀ ਜਰਨਾ ਪੈਣਾ। ਜੇ ਤੂੰ ਘਰ ਛੱਡ ਕੇ ਸਾਡੇ ਕੋਲ ਆ ਗਈ, ਤਾਂ ਸ਼ਰੀਕੇ ਵਿੱਚ ਸਾਡੀ ਨੱਕ ਕੱਟੀ ਜਾਊ। ਬਾਪੂ ਦੇ ਸਿਰ ਪਹਿਲਾਂ ਹੀ ਕਰਜ਼ਾ ਹੈ, ਅਸੀਂ ਤੇਰਾ ਤੇ ਤੇਰੇ ਬੱਚਿਆਂ ਦਾ ਬੋਝ ਨਹੀਂ ਚੁੱਕ ਸਕਦੇ।” ਗੁਰਮੀਤ ਨੇ ਵੀ ਪਾਸਾ ਵੱਟਦਿਆਂ ਕਿਹਾ, “ਹਾਂ ਭੈਣ, ਧੀਆਂ ਤਾਂ ਪੇਕਿਆਂ ਲਈ ਪ੍ਰਾਹੁਣੀਆਂ ਹੀ ਹੁੰਦੀਆਂ ਨੇ, ਆਪਣਾ ਘਰ ਤਾਂ ਸਹੁਰਾ ਹੀ ਹੁੰਦਾ ਹੈ।÷

ਪੇਕਿਆਂ ਵੱਲੋਂ ਮਿਲੇ ਇਸ ਜਵਾਬ ਨੇ ਸੁਖਵਿੰਦਰ ਦੇ ਪੈਰਾਂ ਹੇਠੋਂ ਜ਼ਮੀਨ ਖਿਸਕਾ ਦਿੱਤੀ। ਜਿਸ ਆਸਰੇ ਦੇ ਦਮ ’ਤੇ ਉਹ ਲੜਨਾ ਚਾਹੁੰਦੀ ਸੀ, ਉਹ ਆਸਰਾ ਹੀ ਕੱਚੇ ਧਾਗੇ ਵਾਂਗ ਟੁੱਟ ਗਿਆ ਸੀ। ਜਗਤਾਰ ਨੇ ਵੀ ਤਾੜੀ ਮਾਰ ਕੇ ਹੱਸਦਿਆਂ ਕਿਹਾ, “ਦੇਖ ਲਿਆ! ਤੈਨੂੰ ਸਾਂਭਣ ਵਾਲਾ ਕੋਈ ਨਹੀਂ। ਚੁੱਪ-ਚਾਪ ਇੱਥੇ ਪਈ ਰਹਿ।÷

ਉਸ ਰਾਤ ਸੁਖਵਿੰਦਰ ਵੇਹੜੇ ਵਿੱਚ ਇਕੱਲੀ ਖੜ੍ਹੀ ਸੀ। ਪੇਕਿਆਂ ਦੀ ਬੇਰੁਖ਼ੀ ਅਤੇ ਪਤੀ ਦੇ ਕੋਹੜ ਨੇ ਉਸਨੂੰ ਅੰਦਰੋਂ ਤੋੜ ਦਿੱਤਾ ਸੀ। ਅਸਮਾਨ ਵਿੱਚ ਚਮਕ ਰਿਹਾ ਪੂਰਨਮਾਸ਼ੀ ਦਾ ਚੰਨ ਹੁਣ ਉਸਨੂੰ ਵਿਚਕਾਰੋਂ ਲੀਕ ਵਾਂਗ ਤਿੜਕਿਆ ਹੋਇਆ ਪ੍ਰਤੀਤ ਹੋ ਰਿਹਾ ਸੀ—ਬਿਲਕੁਲ ਉਸਦੀ ਆਪਣੀ ਕਿਸਮਤ ਵਾਂਗ, ਜਿੱਥੇ ਨਾ ਸਹੁਰੇ ਘਰ ਕੋਈ ਵਫ਼ਾ ਸੀ ਅਤੇ ਨਾ ਪੇਕੇ ਘਰ ਕੋਈ ਪਨਾਹ।

-ਇੰਦਰਜੀਤ ਕੌਰ ਵਡਾਲਾ

## ਤਖ਼ਤ ਸ੍ਰੀ ਪਟਨਾ ਸਾਹਿਬ ਵਿੱਚ ਮਿਊਜ਼ੀਅਮ ਦੇ ਕੰਮ ਦੀ ਸ਼ੁਰੂਆਤ, ਪ੍ਰਕਾਸ਼ ਪੁਰਬ ਤੋਂ ਪਹਿਲਾਂ ਹੋਵੇਗਾ ਸੰਪੰਨ, ਦਸਮ ਪਾਤਸ਼ਾਹ ਦੇ ਜਨਮ ਤੋਂ ਲੈ ਕੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਤੱਕ ਦੇ ਇਤਿਹਾਸ ਨੂੰ ਦਿਖਾਇਗਾ ਮਿਊਜ਼ੀਅਮ



**ਨਵੀਂ ਦਿੱਲੀ, 16 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਤੋਂ ਲੈ ਕੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਤੱਕ ਦੇ ਇਤਿਹਾਸ ਨੂੰ ਦਰਸਾਉਂਦਾ ਇੱਕ ਵਿਸ਼ੇਸ਼ ਮਿਊਜ਼ੀਅਮ ਤਿਆਰ ਕੀਤਾ ਜਾਵੇਗਾ। ਇਸ ਮਿਊਜ਼ੀਅਮ ਦੇ ਨਿਰਮਾਣ ਦਾ ਬੀੜਾ ਰਾਜ ਸਭਾ ਮੈਂਬਰ ਸਰਦਾਰ ਵਿਕਰਮਜੀਤ ਸਿੰਘ ਸਾਹਨੀ ਨੇ ਚੁੱਕਿਆ ਹੈ। ਇਸ ਸਬੰਧੀ ਅੱਜ ਉਨ੍ਹਾਂ ਵੱਲੋਂ ਆਰਕੀਟੈਕਟ ਭੇਜਿਆ ਗਿਆ ਅਤੇ ਅਗਲੀ ਕਾਰਵਾਈ ਨੂੰ ਅਮਲੀ ਜਾਮਾ ਪਹਿਨਾਇਆ ਗਿਆ। ਇਸ ਮੌਕੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ, ਮਹਾਂ ਸਕੱਤਰ ਸਰਦਾਰ ਇੰਦਰਜੀਤ ਸਿੰਘ, ਉਪ ਪ੍ਰਧਾਨ ਸਰਦਾਰ ਗੁਰਵਿੰਦਰ ਸਿੰਘ, ਮੀਡੀਆ ਇੰਚਾਰਜ ਸਰਦਾਰ ਸੁਦੀਪ ਸਿੰਘ, ਸਰਦਾਰ ਸੁਮਿਤ ਸਿੰਘ ਕਲਸੀ, ਸੁਪਰਿੰਟੈਂਡੈਂਟ ਸਰਦਾਰ ਦਲਜੀਤ ਸਿੰਘ, ਮੈਨੇਜਰ ਸਰਦਾਰ ਹਰਜੀਤ ਸਿੰਘ ਅਤੇ ਸਰਦਾਰ ਪਪਿੰਦਰ ਸਿੰਘ ਨੇ ਆਰਕੀਟੈਕਟ ਜਨਦੀਪ ਨਾਲ ਮਿਲ ਕੇ ਮਿਊਜ਼ੀਅਮ ਲਈ ਨਿਰਧਾਰਿਤ ਸਥਾਨ ਦਾ ਨਿਰੀਖਣ ਕੀਤਾ। ਜ਼ਿਕਰਯੋਗ ਹੈ ਕਿ ਮਿਊਜ਼ੀਅਮ ਲਈ ਨਿਰਧਾਰਿਤ ਸਾਈਟ ਦੀ ਸੇਵਾ ਪਟਿਆਲਾ ਕਾਰ ਸੇਵਾ ਵਾਲੇ ਬਾਬਾ ਅਮਰੀਕ ਸਿੰਘ ਜੀ ਵੱਲੋਂ ਕਰਵਾਈ ਗਈ ਹੈ। ਪ੍ਰਬੰਧਕਾਂ ਨੇ ਆਸ ਪ੍ਰਗਟਾਈ ਕਿ ਇਹ ਮਹੱਤਵਪੂਰਨ ਪ੍ਰੋਜੈਕਟ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਤੋਂ ਪਹਿਲਾਂ ਮੁਕੰਮਲ ਕਰ ਲਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ ਪਿੰਡਾਂ ਦਾ ਦੌਰਾ

# ਜਨਤਕ ਪ੍ਰੋਗਰਾਮਾਂ ਚ ਭਰੀ ਹਾਜ਼ਰੀ, ਸੁਣੀਆਂ ਲੋਕ ਮੁਸ਼ਕਲਾਂ





**ਤਲਵੰਡੀ ਸਾਬੋ, 16 ਜੂਨ (ਗੁਰਜੰਟ ਸਿੰਘ ਨਥੇਹਾ)**- ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਤੇ ਹਲਕੇ 'ਚ ਕਾਂਗਰਸ ਵੱਲੋਂ ਸਿਆਸੀ ਤੌਰ 'ਤੇ ਸਰਗਰਮ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਹਲਕੇ ਦੇ ਪਿੰਡਾਂ ਦਾ ਦੌਰਾ ਕਰਦਿਆਂ ਜਿੱਥੇ ਵਰਕਰਾਂ ਤੇ ਲੋਕਾਂ ਦੇ ਪ੍ਰੋਗਰਾਮਾਂ 'ਚ ਹਾਜ਼ਰੀ ਲਵਾਈ ਉੱਥੇ ਲੋਕ ਮੁਸ਼ਿਕਲਾਂ ਸੁਣਦਿਆਂ ਜਲਦ ਹੱਲ ਕਰਵਾਉਣ ਦਾ ਭਰੋਸਾ ਵੀ ਦਵਾਇਆ। ਸ਼ੇਖਪੁਰਾ ਵਿਖੇ ਇੱਕ ਸਮਾਗਮ 'ਚ ਹਾਜ਼ਰੀ ਭਰਨ ਉਪਰੰਤ ਗੱਲਬਾਤ ਕਰਦਿਆਂ ਗੁਰਬਾਜ਼ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਸਿਰਫ ਗੱਲਾਂ ਨਾਲ ਬੁੱਤਾ ਸਾਰ ਰਹੀ ਹੈ। 2022 ਵਿਧਾਨ ਸਭਾ ਚੋਣਾਂ ਵੇਲੇ ਔਰਤਾਂ ਨੂੰ ਹਜ਼ਾਰ-ਹਜ਼ਾਰ ਰੁਪਿਆ ਮਾਣ ਭੱਤਾ ਦੇਣ ਦਾ ਐਲਾਨ ਸਾਢੇ ਚਾਰ ਸਾਲ ਬਾਅਦ ਵੀ ਸਿਰਫ ਐਲਾਨ ਤੱਕ ਸੀਮਿਤ ਹੈ ਅਤੇ ਬੀਬੀਆਂ ਦੇ ਫਾਰਮ ਭਰਵਾ ਕੇ ਰਸਮੀ ਖਾਨਾਪੂਰਤੀ ਕੀਤੀ ਜਾ ਰਹੀ ਹੈ। ਉਨਾਂ ਕਿਹਾ ਕਿ ਸ਼ਗਨ ਸਕੀਮ ਵਰਗੀਆਂ ਲੋਕ ਭਲਾਈ ਸਕੀਮਾਂ ਦਮ ਤੋੜ ਗਈਆਂ ਜਦੋਂਕਿ ਬੁਢਾਪਾ ਅਤੇ ਵਿਧਵਾ ਪੈਨਸ਼ਨ ਚ ਵਾਧੇ ਦਾ ਵਾਇਦਾ ਅਜੇ ਤੱਕ ਵਫਾ ਨਹੀ ਹੋਇਆ। ਸਿੱਧੂ ਨੇ ਕਿਹਾ ਕਿ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਦਾਅਵੇ ਤਾਂ ਹੋਏ ਪਰ ਪੇਂਡੂ ਖੇਡ ਕਲੱਬਾਂ ਨੂੰ ਅੱਜ ਤੱਕ ਦੁਆਨੀ ਦੀ ਆਰਥਿਕ ਸਹਾਇਤਾ ਮੁਹੱਈਆ ਨਹੀ ਕਰਵਾਈ ਗਈ ਜਿੰਨ੍ਹਾਂ ਨੇ ਪਿੰਡਾਂ 'ਚ ਖੇਡਾਂ ਦੇ ਵਿਸਥਾਰ 'ਚ ਅਹਿਮ ਯੋਗਦਾਨ ਪਾਉਣਾ ਹੁੰਦਾ ਹੈ। ਉਨਾਂ ਕਿਹਾ ਕਿ ਪਿੰਡਾਂ ਚ ਵਿਕਾਸ ਕੰਮਾਂ ਦੇ ਸਿਰਫ ਨੀਂਹ ਪੱਥਰ ਰੱਖੇ ਗਏ ਜਦੋਂਕਿ ਫੰਡ ਦਿੱਤੇ ਹੀ ਨਹੀ ਗਏ ਤੇ ਕਈ ਥਾਈਂ ਲੋਕ ਪੰਚਾਇਤਾਂ ਤੋਂ ਕੰਮ ਸ਼ੁਰੂ ਕਰਵਾਉਣ ਦੀ ਗੁਹਾਰ ਲਗਾ ਰਹੇ ਨੇ ਪਰ ਪੈਸਾ ਨਾ ਹੋਣ ਕਾਰਨ ਪੰਚਾਇਤਾਂ ਕੁੜਿੱਕੀ 'ਚ ਫਸ ਗਈਆਂ ਹਨ। ਉਨਾਂ ਸਰਕਾਰ ਨੂੰ ਕਿਹਾ ਕਿ ਜਾਂ ਤਾਂ ਐਲਾਨੇ ਵਾਇਦੇ ਪੂਰੇ ਕਰੋ ਨਹੀ ਲੋਕ ਤੁਹਾਨੂੰ 2027 ਵਿਧਾਨ ਸਭਾ ਚੋਣਾਂ ਚ ਚਲਦਾ ਕਰ ਦੇਣਗੇ। ਇਸ ਮੌਕੇ ਉਨਾਂ ਨਾਲ ਮਨਜੀਤ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਪਾਲਾ ਬੰਗੀ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਕ੍ਰਿਸ਼ਨ ਯਾਦਵ, ਹੈਪੀ ਬਹਿਮਣ, ਗੁਰਾਦਿੱਤਾ ਸਿੰਘ ਸੀਂਗੋ, ਮਨਪ੍ਰੀਤ ਸਿੰਘ ਸ਼ੇਖਪੁਰਾ, ਗੁਰਜੀਤ ਸਿੰਘ ਰੋਮਾਣਾ, ਸੁਰਜੀਤ ਸ਼ਰਮਾਂ ਜਗਾ ਰਾਮ ਤੀਰਥ, ਬਲਵੰਤ ਸਿੰਘ ਲੇਲੇਵਾਲਾ, ਬਹਾਦਰ ਸਿੰਘ ਸਾਬਕਾ ਸਰਪੰਚ, ਜਸਪਾਲ ਭਗਵਾਨਪੁਰਾ ਆਦਿ ਆਗੂ ਮੌਜੂਦ ਸਨ

ਆਵਾਜ਼ਿ ਕੌਮ AWAZE QAUM International Newspaper & WEB TV

### ਲੋਕਾਂ ਨਾਲ ਸਿੱਧਾ ਸੰਪਰਕ ਅਤੇ ਸਮੱਸਿਆਵਾਂ ਦਾ

# ਤੁਰੰਤ ਹੱਲ ਸਰਕਾਰ ਦੀ ਮੁੱਖ ਤਰਜੀਹ: ਹਰਭਜਨ ਸਿੰਘ ਈ.ਟੀ.ਓ.








**ਜੰਡਿਆਲਾ ਗੁਰੂ, 16 ਜੂਨ ( ਕੁਲਵੰਤ ਸਿੰਘ ਵਿਰਦੀ )**-ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਹਲਕੇ ਦੇ ਪਿੰਡ ਗਿੱਲ, ਰਸੂਲਪੁਰ ਕਲਾਂ ਅਤੇ ਨਵਾਂ ਪਿੰਡ ਵਿਖੇ ਲੋਕ ਮਿਲਣੀਆਂ ਕੀਤੀਆਂ ਗਈਆਂ।ਇਨ੍ਹਾਂ ਲੋਕ ਮਿਲਣੀਆਂ ਦਾ ਮੁੱਖ ਮਕਸਦ ਲੋਕਾਂ ਨਾਲ ਸਿੱਧਾ ਸੰਪਰਕ ਸਥਾਪਿਤ ਕਰਨਾ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਜ਼ਮੀਨੀ ਪੱਧਰ 'ਤੇ ਸੁਣਨਾ ਅਤੇ ਉਨ੍ਹਾਂ ਦੇ ਤੁਰੰਤ ਹੱਲ ਲਈ ਲੋੜੀਂਦੇ ਕਦਮ ਚੁੱਕਣਾ ਸੀ।ਇਸ ਮੌਕੇ ਲੋਕਾਂ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹੁਣ ਤੱਕ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਨੀਤੀਆਂ ਬਾਰੇ ਵੀ ਵਿਸਥਾਰਪੂਰਵਕ ਗੱਲਬਾਤ ਕੀਤੀ ਗਈ। ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਲੋਕ ਸਰਕਾਰ ਦੀ ਕਾਰਗੁਜ਼ਾਰੀ ਤੋਂ ਪ੍ਰਭਾਵਿਤ ਹਨ ਅਤੇ ਵਿਕਾਸ ਦੇ ਕੰਮਾਂ ਤੋਂ ਸੰਤੁਸ਼ਟ ਨਜ਼ਰ ਆ ਰਹੇ ਹਨ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਦੀਆਂ ਉਮੀਦਾਂ ਅਨੁਸਾਰ ਕੰਮ ਕੀਤਾ ਹੈ ਅਤੇ ਪਾਰਦਰਸ਼ੀ ਤੇ ਲੋਕ-ਪੱਖੀ ਸ਼ਾਸਨ ਦਿੱਤਾ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦਾ ਸਹਿਯੋਗ ਅਤੇ ਭਰੋਸਾ ਪਾਰਟੀ ਨੂੰ ਮਿਲਦਾ ਰਹੇਗਾ।ਇਸ ਦੌਰਾਨ ਪਿੰਡ ਰਸੂਲਪੁਰ ਕਲਾਂ ਤੋਂ ਡਾ. ਰਮਨਦੀਪ ਸਿੰਘ, ਇੰਦਰਬੀਰ ਸਿੰਘ, ਤੇਜਿੰਦਰ ਸਿੰਘ, ਜਸ਼ਨਪ੍ਰੀਤ ਸਿੰਘ, ਦਮਨਪ੍ਰੀਤ ਸਿੰਘ, ਹਰਕੀਰਤ ਸਿੰਘ, ਗੁਰਸ਼ਰਨ ਸਿੰਘ, ਗਗਨਦੀਪ ਸਿੰਘ, ਰਾਜਪਾਲ ਸਿੰਘ, ਦਵਿੰਦਰ ਸਿੰਘ, ਰਾਜਨਪ੍ਰੀਤ ਸਿੰਘ, ਮਨਦੀਪ ਸਿੰਘ, ਅਤਿੰਦਰਪਾਲ ਸਿੰਘ, ਕੰਵਲਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਅਤੇ ਪਾਰਟੀ ਦੀਆਂ ਨੀਤੀਆਂ ਵਿੱਚ ਆਪਣਾ ਵਿਸ਼ਵਾਸ ਪ੍ਰਗਟਾਇਆ।ਨਵਾਂ ਪਿੰਡ ਵਿਖੇ ਲੋਕ ਮਿਲਣੀ ਦੇ ਨਾਲ-ਨਾਲ ਟਰੇਡ ਵਿੰਗ ਦੀ ਇੱਕ ਵਿਸ਼ੇਸ਼ ਮੀਟਿੰਗ ਵੀ ਕੀਤੀ ਗਈ, ਜਿਸ ਵਿੱਚ ਸੰਗਠਨਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ, ਵਪਾਰਕ ਵਰਗ ਨਾਲ ਤਾਲਮੇਲ ਵਧਾਉਣ ਅਤੇ ਲੋਕਾਂ ਨਾਲ ਸੰਪਰਕ ਨੂੰ ਹੋਰ ਗਹਿਰਾ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਜੁੜਨਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਕਰਨਾ ਹੀ ਸਰਕਾਰ ਦੀ ਸਭ ਤੋਂ ਵੱਡੀ ਪ੍ਰਾਥਮਿਕਤਾ ਹੈ। ਉਨ੍ਹਾਂ ਕਿਹਾ ਕਿ ਇਸੇ ਮੰਤਵ ਨਾਲ ਉਹ ਲਗਾਤਾਰ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰ ਰਹੇ ਹਨ ਅਤੇ ਵਿਕਾਸ ਕਾਰਜਾਂ ਦੀ ਨਿਗਰਾਨੀ ਵੀ ਕਰ ਰਹੇ ਹਨ। ਇਸ ਮੌਕੇ ਬਲਾਕ ਚੇਅਰਮੈਨ ਅਮਰੀਕ ਸਿੰਘ ਸੋਢੀ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਰਕਰ, ਪੰਚਾਇਤੀ ਨੁਮਾਇੰਦੇ ਅਤੇ ਪਿੰਡ ਵਾਸੀ ਹਾਜ਼ਰ ਸਨ।ਇਹ ਪ੍ਰੈੱਸ ਨੋਟ ਸਰਕਾਰੀ ਅਤੇ ਮੀਡੀਆ ਰਿਲੀਜ਼ ਦੇ ਮਿਆਰੀ ਫਾਰਮੈਟ ਅਨੁਸਾਰ ਤਿਆਰ ਕੀਤਾ ਗਿਆ ਹੈ।

**ਜੰਡਿਆਲਾ ਗੁਰੂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਲੋਕ ਮਿਲਣੀਆਂ, ਨਵਾਂ ਪਿੰਡ ਵਿਖੇ ਟਰੇਡ ਵਿੰਗ ਦੀ ਮੀਟਿੰਗ ਵੀ ਕੀਤੀ**

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਵੱਲੋਂ ਹਲਕੇ ਦੇ ਵਿਕਾਸ ਕਾਰਜਾਂ 'ਚ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ: ਚੇਅਰਮੈਨ ਘੁੱਲੀ






**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦਾ ਇੱਕੋ ਨਾਅਰਾ ਭਗਵੰਤ ਮਾਨ ਦੁਬਾਰਾ ਪਰੋਗਰਾਮ ਤਹਿਤ ਪਿੰਡ ਖੇੜੀ ਜੱਟਾਂ ਦੇ ਸਰਪੰਚ ਸ੍ਰੀਮਤੀ ਮਲਕੀਤ ਕੌਰ ਪਤਨੀ ਹਰਪ੍ਰੀਤ ਸਿੰਘ ਖੇੜੀ ਜੱਟਾਂ ਦੀ ਅਗਵਾਈ ਹੇਠ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਪਿੰਡ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਲਈ ਮੁੱਖ ਮੰਤਰੀ ਦਫ਼ਤਰ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਵਿਸ਼ੇਸ਼ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਇਕੱਤਰ ਹੋਏ ਆਗੂਆਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਿੰਡ ਦੇ ਵਿਕਾਸ ਕਾਰਜਾਂ ਲਈ 2 ਕਰੋੜ 8 ਲੱਖ ਦੇ ਵਿਕਾਸ ਦੇ ਲਈ ਗਰਾਂਟਾਂ ਤੇ ਗੱਫੇ ਦਿਲ ਖੋਲ ਕੇ ਦਿੱਤੇ ਜਾ ਰਹੇ ਹਨ। ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ ਤੇ ਚੱਲ ਰਹੇ ਹਨ ਰਹਿਦੇ ਵਿਕਾਸ ਕਾਰਜਾਂ ਨੂੰ ਜਲਦੀ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਸਤਿਨਾਮ ਸਿੰਘ ਵਾਈਸ ਚੇਅਰਮੈਨ ਬਲਾਕ ਸੰਮਤੀ ਧੂਰੀ, ਡਾਕਟਰ ਅਵਤਾਰ ਖਾਨ ਸਕੱਤਰ ਢਢੋਗਲ, ਨਸਾ ਮੁਕਤੀ ਮੋਰਚਾ ਦੇ ਕੋਆਰਡੀਨੇਟਰ ਹਰਪ੍ਰੀਤ ਸਿੰਘ ਗਿੱਲ, ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਨਿਰਮਲ ਸਿੰਘ ਪੰਚ, ਦੇਸ ਰਾਜ ਪੰਚ, ਨਿੱਕਾ ਖਾਨ ਪੰਚ,ਰਣਜੀਤ ਸਿੰਘ ਪੰਚ, ਸ੍ਰੀਮਤੀ ਹਰਪ੍ਰੀਤ ਕੌਰ, ਸ੍ਰੀਮਤੀ ਰਵਿੰਦਰ ਕੌਰ, ਸ੍ਰੀਮਤੀ ਅਮਰਜੀਤ ਕੌਰ, ਗੋਰਾ ਢਢੋਗਲ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਆਬਜ਼ਰਵਰ ਕੀਤੇ ਗਏ ਨਿਯੁਕਤ



**ਚੰਡੀਗੜ੍ਹ, 16 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਜਨਰਲ ਸਕੱਤਰ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਪਾਰਟੀ ਨੂੰ ਸਰਕਲ ਪੱਧਰ ਤੱਕ ਮਜ਼ਬੂਤ ਕਰਨ ਲਈ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵੱਖ-ਵੱਖ ਜਿਲ੍ਹਾ ਆਬਜ਼ਰਵਰਾਂ ਦੀ ਨਿਯੁਕਤੀ ਕੀਤੀ ਗਈ ਹੈ। ਜਿਨਾਂ ਦੀ ਜਿਲੇਵਾਰ ਲਿਸਟ ਹੇਠ ਲਿਖੇ ਅਨੁਸਾਰ ਹੈ- ;

**ਅੰਮ੍ਰਿਤਸਰ :** ਸੁੱਚਾ ਸਿੰਘ ਛੋਟੇਪੁਰ, ਭਾਈ ਮਨਜੀਤ ਸਿੰਘ, ਯੁਵਰਾਜ ਸਿੰਘ, ਅਵਤਾਰ ਸਿੰਘ ਜੌਹਲ ਅਤੇ ਸੁਖਦੇਵ ਸਿੰਘ ਫਗਵਾੜਾ

**ਤਰਨਤਾਰਨ - ਕਪੂਰਥਲਾ :** ਰਣਜੀਤ ਸਿੰਘ ਛੱਜਲਵੱਡੀ, ਰਘਬੀਰ ਸਿੰਘ ਰਾਜਾਸਾਂਸੀ, ਗੁਰਵਿੰਦਰ ਸਿੰਘ ਸ਼ਾਮਪੁਰਾ ਅਤੇ ਮਧੂਪਾਲ ਸਿੰਘ ਗੋਗਾ।

**ਗੁਰਦਾਸਪੁਰ - ਪਠਾਨਕੋਟ :** ਅਦੇਸ਼ਪ੍ਰਤਾਪ ਸਿੰਘ ਕੈਰੋਂ, ਅਜੇਪਾਲ ਸਿੰਘ ਮੀਰਾਂਕੋਟ, ਜਰਨੈਲ ਸਿੰਘ ਗੜ੍ਹਦੀਵਾਲ, ਇੰਦਰਬੀਰ ਸਿੰਘ ਈਸਾਪੁਰ ਅਤੇ ਜਤਿੰਦਰ ਸਿੰਘ ਪਲਾਹੀ।

**ਹੁਸ਼ਿਆਰਪੁਰ - ਨਵਾਂਸ਼ਹਿਰ :** ਗੁਰਪ੍ਰਤਾਪ ਸਿੰਘ ਵਡਾਲਾ, ਅਮਰੀਕ ਸਿੰਘ ਸ਼ਾਹਪੁਰ, ਸੁਰਤੇਜ ਸਿੰਘ ਬਾਸੀ, ਮਨਮੋਹਨ ਸਿੰਘ ਪੱਖੋਕੇ ਅਤੇ ਸੁਖਵਿੰਦਰ ਸਿੰਘ ਮੁੰਡੀਆਂ।

**ਜਲੰਧਰ :** ਬੀਬੀ ਜਗੀਰ ਕੌਰ, ਗੁਰਜੀਤ ਸਿੰਘ ਤਲਵੰਡੀ, ਗੁਰਵਿੰਦਰ ਸਿੰਘ ਡੂਮਛੇੜੀ, ਜਗਬੀਰ ਸਿੰਘ ਜਫਰਵਾਲ ਅਤੇ ਸਵਿੰਦਰ ਸਿੰਘ ਦੋਬਲੀਆ।

**ਮੋਹਾਲੀ - ਰੋਪੜ :** ਜੱਜ ਨਿਰਮਲ ਸਿੰਘ, ਭੁਪਿੰਦਰ ਸਿੰਘ ਸ਼ੇਖੂਪੁਰ, ਸਤਵਿੰਦਰ ਸਿੰਘ ਟੌਹੜਾ, ਅਮਿਤ ਸੇਠੀ, ਭਜਨ ਸਿੰਘ ਸ਼ੇਰਗਿੱਲ ਅਤੇ ਬੀਬੀ ਰਾਜਿੰਦਰ ਕੌਰ ਚੰਡੀਗੜ੍ਹ।

**ਫ਼ਤਹਿਗੜ੍ਹ ਸਾਹਿਬ - ਖੰਨਾ :** ਬੀਬੀ ਪਰਮਜੀਤ ਕੌਰ ਗੁਲਸ਼ਨ, ਜਰਨੈਲ ਸਿੰਘ ਕਰਤਾਰਪੁਰ, ਹਰਿੰਦਰਪਾਲ ਸਿੰਘ ਟੌਹੜਾ, ਹਰਬੰਸ ਸਿੰਘ ਕੰਧੋਲਾ ਅਤੇ ਕੁਲਵਿੰਦਰ ਸਿੰਘ ਲਵਲੀ।

**ਪਟਿਆਲਾ :** ਗਗਨਜੀਤ ਸਿੰਘ ਬਰਨਾਲਾ, ਗੁਰਬਚਨ ਸਿੰਘ ਬਚੀ, ਹਰਵੇਲ ਸਿੰਘ ਮਾਧੋਪੁਰ, ਰਣਬੀਰ ਸਿੰਘ ਪੂਨੀਆ ਅਤੇ ਬਲਤੇਜ ਸਿੰਘ ਅਮਲੋਹ।

**ਸੰਗਰੂਰ - ਮਾਲੇਰਕੋਟਲਾ :** ਹਰਿੰਦਰਪਾਲ ਸਿੰਘ ਚੰਦੂਮਾਜਰਾ, ਕਰਨ ਸਿੰਘ DTO, ਮਿੱਠੂ ਸਿੰਘ ਕਾਹਨੇਕੇ, ਸੁਖਵੰਤ ਸਿੰਘ ਪੰਜਲੈਂਡ ਅਤੇ ਰਵਿੰਦਰ ਸਿੰਘ ਸ਼ਾਹਪੁਰ।

**ਬਰਨਾਲਾ - ਮਾਨਸਾ :** ਪ੍ਰਕਾਸ਼ ਚੰਦ ਗਰਗ, ਤੇਜਾ ਸਿੰਘ ਕਮਾਲਪੁਰ, ਸੁਖਬੀਰ ਸਿੰਘ ਅਬਲੋਵਾਲ, ਹਰਦੇਵ ਸਿੰਘ ਰੋਗਲਾ ਅਤੇ ਮਲਕੀਤ ਸਿੰਘ ਚੰਗਾਲ।

**ਬਠਿੰਡਾ :** ਪਰਮਿੰਦਰ ਸਿੰਘ ਢੀਂਡਸਾ, ਸੁਖਵਿੰਦਰ ਸਿੰਘ ਔਲਖ, ਬਲਦੇਵ ਸਿੰਘ ਮਾਣੂਕੇ, ਕਰਨ ਸਿੰਘ ਘੁਮਾਣ ਅਤੇ ਮਲਕੀਤ ਸਿੰਘ ਸਮਾਉਂ।

**ਮੁਕਤਸਰ - ਫਾਜ਼ਿਲਕਾ :** ਇਕਬਾਲ ਸਿੰਘ ਝੂੰਦਾ, ਸਰਬਜੀਤ ਸਿੰਘ ਡੂੰਮਵਾਲੀ, ਚਰਨਜੀਤ ਸਿੰਘ ਬਠਿੰਡਾ, ਕਰਨੈਲ ਸਿੰਘ ਭਾਵੜਾ, ਅਤੇ ਭੁਪਿੰਦਰ ਸਿੰਘ ਸੇਮਾ।

**ਫਰੀਦਕੋਟ - ਫਿਰੋਜ਼ਪੁਰ :** ਸਵਰਨ ਸਿੰਘ ਫਿਲੌਰ, ਜਗਬੀਰ ਸਿੰਘ ਘੁੰਮਣ, ਅਮਰਜੀਤ ਸਿੰਘ ਲੰਡੇਕੇ, ਜਗਤਾਰ ਸਿੰਘ ਰਾਜੇਆਣਾ ਅਤੇ ਪਰਮਪਾਲ ਸਿੰਘ ਸਭਰਾ।

**ਮੋਗਾ - ਜਗਰਾਉਂ :** ਸੰਤਾ ਸਿੰਘ ਉਮੈਦਪੁਰੀ, ਕਰਨੈਲ ਸਿੰਘ ਪੀਰ ਮੁਹੰਮਦ, ਜਸਵੰਤ ਸਿੰਘ ਪੁੜੈਣ, ਅਵਤਾਰ ਸਿੰਘ ਕਲੇਰ, ਰਾਜਵਿੰਦਰ ਸਿੰਘ ਹਿੱਸੋਵਾਲ ਅਤੇ ਅਮਨਿੰਦਰ ਸਿੰਘ ਬੰਨੀ ਬਰਾੜ।

**ਲੁਧਿਆਣਾ :** ਬੀਬੀ ਜਗੀਰ ਕੌਰ, ਭਰਪੂਰ ਸਿੰਘ ਧਾਂਦਰਾ, ਬੀਬੀ ਹਰਜੀਤ ਕੌਰ ਤਲਵੰਡੀ, ਜਗਜੀਤ ਸਿੰਘ ਗਾਬਾ, ਮਹਿੰਦਰਪਾਲ ਸਿੰਘ ਬਿਨਾਕਾ ਅਤੇ ਸੁਰਜੀਤ ਸਿੰਘ ਬੋਪਾਰਾਏ।

ਸ ਵਡਾਲਾ ਨੇ ਨਵੇਂ ਨਿਯੁਕਤ ਹੋਏ ਸਾਰੇ ਆਬਜ਼ਰਵਰਾਂ ਨੂੰ ਅਪੀਲ ਕੀਤੀ ਕਿ ਪਾਰਟੀ ਪ੍ਰਧਾਨ ਦੀਆਂ ਹਦਾਇਤਾਂ ਅਨੁਸਾਰ ਸਾਰੇ ਆਬਜ਼ਰਵਰ ਆਪਣੇ ਜਿਲਿਆਂ ਵਿੱਚ ਦਸ ਦਿਨਾਂ ਦੇ ਅੰਦਰ ਅੰਦਰ ਜਿਲਾ ਅਤੇ ਸਰਕਲ ਪੱਧਰ ਦਾ ਜਥੇਬੰਧਕ ਢਾਂਚਾ ਤਿਆਰ ਕਰਕੇ ਹਲਕਾਵਾਰ ਮੀਟਿੰਗਾਂ ਦਾ ਸਿਲਸਿਲਾ ਆਰੰਭ ਕਰਨ ਲਈ ਤਰੀਕਾਂ ਦੀ ਸੂਚੀ ਤਿਆਰ ਕਰਕੇ ਦਫ਼ਤਰ ਨਾਲ ਸਾਂਝੀ ਕਰਨ। ਜਿਲ੍ਹਿਆ ਚ ਵੱਡੇ ਪੱਧਰ ਤੇ ਮੀਟਿੰਗਾਂ ਦਾ ਵੀ ਪ੍ਰਬੰਧ ਕਰਕੇ ਆ ਰਹੀਆਂ 2027 ਦੀਆ ਵਿਧਾਨ ਸਭਾ ਚੋਣਾਂ ਲਈ ਤਿਆਰੀ ਕੀਤੀ ਜਾਵੇ। ਪ੍ਰੈੱਸ ਨੂੰ ਇਹ ਜਾਣਕਾਰੀ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

### ਜੰਡਿਆਲਾ ਗੁਰੂ ਦੀ ਦਾਣਾ ਮੰਡੀ ਅਤੇ ਪਨਸਪ ਗੁਦਾਮਾਂ ਦੇ

# ਵਿਕਾਸ ਕਾਰਜਾਂ ਦਾ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਜਾਇਜ਼ਾ





**ਜੰਡਿਆਲਾ ਗੁਰੂ, 16 ਜੂਨ (ਕੁਲਵੰਤ ਸਿੰਘ ਵਿਰਦੀ )**-ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਦਾਣਾ ਮੰਡੀ ਜੰਡਿਆਲਾ ਗੁਰੂ ਵਿਖੇ ਆੜ੍ਹਤੀਆਂ, ਕਿਸਾਨਾਂ ਅਤੇ ਮਜ਼ਦੂਰਾਂ ਨਾਲ ਵਿਸ਼ੇਸ਼ ਗੱਲਬਾਤ ਕਰਕੇ ਮੰਡੀ ਨਾਲ ਸਬੰਧਿਤ ਸਮੱਸਿਆਵਾਂ, ਸਹੂਲਤਾਂ ਅਤੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਨੇ ਮੌਕੇ 'ਤੇ ਹੀ ਸੰਬੰਧਿਤ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ।ਲੋਕ ਨਿਰਮਾਣ ਮੰਤਰੀ ਨੇ ਦਾਣਾ ਮੰਡੀ ਵਿੱਚ ਤਿਆਰ ਕੀਤੀਆਂ ਜਾ ਰਹੀਆਂ 3 ਸਟੀਲ ਕਵਰਡ ਸ਼ੈੱਡਾਂ ਦੇ ਨਿਰਮਾਣ ਕਾਰਜਾਂ ਦਾ ਵੀ ਨਿਰੀਖਣ ਕੀਤਾ। ਹਰ ਸ਼ੈੱਡ 75×200 ਫੁੱਟ ਦੇ ਆਕਾਰ ਵਿੱਚ ਬਣਾਈ ਜਾ ਰਹੀ ਹੈ, ਜਿਸ ਉੱਤੇ ਕੁੱਲ ਲਗਭਗ 3 ਕਰੋੜ ਰੁਪਏ ਦੀ ਲਾਗਤ ਆ ਰਹੀ ਹੈ।ਇਸ ਤੋਂ ਇਲਾਵਾ ਸ. ਹਰਭਜਨ ਸਿੰਘ ਈ.ਟੀ.ਓ. ਨੇ ਰੇਲਵੇ ਰੋਡ, ਜੰਡਿਆਲਾ ਗੁਰੂ ਵਿਖੇ ਲਗਭਗ 8 ਕਰੋੜ 70 ਲੱਖ ਰੁਪਏ ਦੀ ਲਾਗਤ ਨਾਲ ਪਨਸਪ ਦੇ ਗੁਦਾਮਾਂ ਦੇ ਚੱਲ ਰਹੇ ਵਿਕਾਸ ਕਾਰਜਾਂ ਦਾ ਵੀ ਜਾਇਜ਼ਾ ਲਿਆ। ਇਸ ਪ੍ਰੋਜੈਕਟ ਅਧੀਨ ਗੁਦਾਮ ਨੰਬਰ 1, 2, 3 ਅਤੇ 4 ਦੀ ਨਵੀਂ ਉਸਾਰੀ, ਗੁਦਾਮ ਨੰਬਰ 5 ਦੀ ਮੇਜਰ ਰਿਪੇਅਰ, ਅੰਦਰੂਨੀ ਸੜਕਾਂ, ਸੀਵਰੇਜ਼ ਸਿਸਟਮ ਅਤੇ ਚਾਰਦੀਵਾਰੀ ਦੇ ਕੰਮ ਕਰਵਾਏ ਜਾ ਰਹੇ ਹਨ।ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਚੱਲ ਰਹੀ ਉਸਾਰੀ ਦੀ ਪ੍ਰਗਤੀ ਦਾ ਨਿਰੀਖਣ ਕਰਦਿਆਂ ਕੰਮ ਦੀ ਗੁਣਵੱਤਾ ਅਤੇ ਸਮੇਂ ਸਿਰ ਮੁਕੰਮਲ ਕਰਨ ਉੱਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਮੁਕੰਮਲ ਹੋਣ ਨਾਲ ਮੰਡੀ ਪ੍ਰਣਾਲੀ ਹੋਰ ਮਜ਼ਬੂਤ ਹੋਵੇਗੀ ਅਤੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ।ਇਸ ਮੌਕੇ ਕਿਸਾਨਾਂ ਅਤੇ ਮਜ਼ਦੂਰਾਂ ਨੇ ਲੋਕ ਨਿਰਮਾਣ ਮੰਤਰੀ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਵਰਡ ਸ਼ੈੱਡਾਂ ਦੇ ਨਿਰਮਾਣ ਨਾਲ ਉਨ੍ਹਾਂ ਨੂੰ ਧੁੱਪ ਅਤੇ ਬਾਰਿਸ਼ ਤੋਂ ਕਾਫ਼ੀ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਸ਼ੈੱਡਾਂ ਹੇਠ ਫਸਲਾਂ ਦੀ ਸੰਭਾਲ ਅਤੇ ਮਜ਼ਦੂਰਾਂ ਲਈ ਕੰਮ ਕਰਨਾ ਕਾਫ਼ੀ ਸੁਖਾਲਾ ਹੋ ਜਾਵੇਗਾ, ਜਿਸ ਨਾਲ ਮੰਡੀ ਵਿੱਚ ਕੰਮਕਾਜ ਦੀ ਕਾਰਗੁਜ਼ਾਰੀ ਵੀ ਬਿਹਤਰ ਹੋਵੇਗੀ।ਇਸ ਮੌਕੇ ਸਥਾਨਕ ਅਧਿਕਾਰੀ, ਮੰਡੀ ਬੋਰਡ ਦੇ ਨੁਮਾਇੰਦੇ, ਆੜ੍ਹਤੀ, ਕਿਸਾਨ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਜੈ ਬਾਬਾ ਸਿੱਧ ਗਰੀਬ ਦੇ ਸਲਾਨਾ ਮੇਲੇ 'ਤੇ ਸਿੰਗੜੀਵਾਲਾ ਵਿਖੇ

# ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ



**ਹੁਸ਼ਿਆਰਪੁਰ, 16 ਜੂਨ (ਆਵਾਜ਼ਿ ਕੌਮ ਬਿਊਰੋ)** ਜੈ ਬਾਬਾ ਸਿੱਧ ਗਰੀਬ ਦੇ ਸਲਾਨਾ ਮੇਲੇ ਤੇ ਸਿੰਗੜੀਵਾਲਾ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਪ੍ਰਬੰਧਕ ਕਮੇਟੀ ਅਤੇ ਨਗਰ ਪੰਚਾਇਤ ਵੱਲੋਂ ਹਰ ਸਾਲ ਦੀ ਤਰਾਂ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ ਗਈਆਂ ਜਿਸ ਵਿੱਚ ਦੂਰ ਦੁਰਾਡੇ ਤੋਂ ਵੈਲ ਗੱਡੀਆਂ ਦੇ ਦੌੜਾਂ ਦੇ ਸ਼ਕੀਨਾਂ ਵਲੋਂ ਹਿੱਸਾ ਲਿਆ ਗਿਆ ਇਸ ਸਮੇਂ ਮੇਲੇ ਦੀ ਸਮਾਪਤੀ ਸਮੇਂ ਸੰਤ ਹਰਮਨਜੀਤ ਸਿੰਘ ਸਿੰਗੜੀਵਾਲਾ, ਸਰਪੰਚ ਹਰਜਿੰਦਰ ਸਿੰਘ, ਸਾਬਕਾ ਸਰਪੰਚ ਚਰਨ ਵਰਿੰਦਰ ਸਿੰਘ ਅਤੇ ਪਤਵੰਤੇ ਸੱਜਣਾ ਵੱਲੋਂ ਬੈਲ ਗੱਡੀਆਂ ਦੇ ਜੇਤੂ ਨੂੰ ਇਨਾਮ ਦੇ ਕੇ ਸਨਮਾਨ ਕੀਤਾ ਗਿਆ ਇਸ ਸਮੇਂ ਪਹਿਲੇ ਨੰਬਰ ਤੇ ਗੁਰਿੰਦਰ ਸਿੰਘ ਧਾਮੀ,ਬਿੱਲਾ ਸਿੰਗੜੀਵਾਲਾ, ਦਿਲਾਵਰ ਸਿੰਘ ਰਾਣੇਵਾਲ ਟੱਪਰੀਆਂ ਤਰਸੇਮ ਸਿੰਘ ਹਿਆਲਾ ਦੀ ਬੈਲ ਗੱਡੀ ਸਾਂਝੇ ਤੌਰ ਤੇ ਆਈ, ਦੂਸਰੇ ਨੰਬਰ ਤੇ ਸੋਨੂੰ ਹੈਪੀ ਕਾਲੀਆਂ ਤੇ ਇਰਨਵੀਰ ਮੱਲਾ ਵੇਦੀਆਂ ਦੀ ਬੈਲ ਗੱਡੀ ਆਈ , ਤੀਸਰੇ ਨੰਬਰ ਤੇ ਲੁਡਣ ਚਿਤੋ ਤੇ ਬਿੰਦਰ ਢਿੱਲੋਂ ਭੱਜਲਾਂ ਦੀ ਬੈਲ ਗੱਡੀ ਆਈ ਅਤੇ ਇਹਨਾਂ ਪਹਿਲੇ ਤਿੰਨ ਨੰਬਰਾਂ ਤੇ ਆਉਣ ਵਾਲੀਆਂ ਬੈਲ ਗੱਡੀਆਂ ਦੇ ਜੇਤੂਆਂ ਨੂੰ ਇਲੈਕਟਰੋਨਿਕ ਸਕੂਟਰੀਆਂ ਇਨਾਮ ਵਿੱਚ ਦਿੱਤੀਆਂ ਗਈਆਂ, 04 ਤੋਂ 10 ਨੰਬਰ ਤੱਕ ਆਉਣ ਵਾਲੀਆਂ ਬੈਲ ਗੱਡੀਆਂ ਦੇ ਮਾਲਕਾਂ ਨੂੰ ਫਰਿਜਾਂ, 11 ਤੋਂ 21 ਤੱਕ ਐਲ ਈ ਡੀ ਇਨਾਮ ਵਿੱਚ ਦਿੱਤੀਆਂ ਗਈਆਂ ਤੇ ਇਸ ਸਮੇਂ ਬਾਕੀ ਸਾਰੀਆਂ ਐਂਟਰ ਹੋਈਆਂ ਬੈਲ ਗੱਡੀਆਂ ਦੇ ਮਾਲਕਾਂ ਨੂੰ ਬੋਲਦਾਂ ਲਈ ਝੁੱਲਦੇ ਕੇ ਸਨਮਾਨ ਕੀਤਾ ਗਿਆ ਇਸ ਸਮੇਂ ਸੰਤ ਬਾਬਾ ਹਰਮਨਜੀਤ ਸਿੰਘ ਸਿੰਗੜੀਵਾਲਾ ਨੇ ਬੈਲ ਗੱਡੀਆਂ ਦੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਾਡੀਆਂ ਰਵਾਇਤੀ ਖੇਡਾਂ ਨੂੰ ਜਿਉਂਦਾ ਰੱਖਣਾ ਸਮੇਂ ਦੀ ਲੋੜ ਹੈ ਇਸ ਨਾਲ ਸਾਡੀ ਨੌਜਵਾਨ ਪੀੜੀ ਆਪਣੀਆਂ ਰਵਾਇਤੀ ਖੇਡਾਂ ਨਾਲ ਜੁੜ ਕੇ ਆਪਣੇ ਵਿਰਸੇ ਨੂੰ ਜਿਉਂਦਿਆਂ ਰੱਖ ਸਕਦੀਆਂ ਹਨ ਇਸ ਸਮੇਂ ਪਹਿਲਾਂ ਜੈ ਬਾਬਾ ਸਿੱਧ ਗਰੀਬ ਜੀ ਦੀ ਦਰਗਾਹ ਤੇ ਧਾਰਮਿਕ ਮੇਲਾ ਕਰਵਾਇਆ ਗਿਆ ਜਿਸ ਵਿੱਚ ਧਾਰਮਿਕ ਕਵਾਲਾ ਨੇ ਸੰਗਤਾਂ ਨੂੰ ਆਪਣੇ ਧਾਰਮਿਕ ਕਵਾਲੀਆਂ ਨਾਲ ਨਿਹਾਲ ਕੀਤਾ। ਇਸ ਸਮੇਂ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਲਈ ਲੰਗਰ ਦਾ ਅਟੁੱਟ ਪ੍ਰਬੰਧ ਕੀਤਾ ਗਿਆ ਇਸ ਸਮੇਂ ਬਲਾਕ ਸੰਮਤੀ ਮੈਂਬਰ ਗੁਰਵਿੰਦਰ ਸਿੰਘ ਹੈਦਰੋਵਾਲ, ਸਾਬਕਾ ਸਰਪੰਚ ਸੁਖਚੈਨ ਸਿੰਘ, ਪੰਚ ਬਲਵਿੰਦਰ ਸਿੰਘ ਬਿੰਦਾ , ਸਾਬਕਾ ਕੈਪਟਨ ਜਸਵੀਰ ਸਿੰਘ, ਸਤਨਾਮ ਸਿੰਘ ਬੱਬੂ, ਮਨਜਿੰਦਰ ਸਿੰਘ ਬਿੱਲਾ, ਪੰਚ ਬਲਵਿੰਦਰ ਸਿੰਘ ਧਾਮੀ, ਸਰਪੰਚ ਮਨਮੋਹਨ ਸਿੰਘ ਬਿੱਟਾ ਕੁਰੰਗਣਾ, ਲੱਖਾ ਯੂਕੇ, ਹਰਵਿੰਦਰ ਸਿੰਘ ਸ਼ੇਰਾ, ਅਮਰੀਕ ਸਿੰਘ ਸਾਬਕਾ ਸਰਪੰਚ, ਭੁਪਿੰਦਰ ਸਿੰਘ ਸੈਕਟਰੀ, ਬਲਕਾਰ ਸਿੰਘ ਇਟਲੀ, ਹਰਭਜਨ ਸਿੰਘ ਫੌਜੀ, ਜਸਵਿੰਦਰ ਸਿੰਘ ਸਾਬਕਾ ਏਐਸਆਈ, ਜਿਸਵਿੰਦਰ ਸਿੰਘ ਧਾਮੀ, ਨਿਹੰਗ ਸੁਰਜਨ ਸਿੰਘ, ਮਨਵੀਰ ਸਿੰਘ, ਹਰਜਾਪ ਸਿੰਘ ਆਦਿ ਹਾਜ਼ਰ ਸਨ

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰਦੁਆਰਾ ਬਾਬਾ ਸੈਣ ਭਗਤ ਜੀ ਸੋਹਲ ਵਿਖੇ ਵਿਆਹ ਪੁਰਬ ਮੌਕੇ ਸਾਲਾਨਾ ਜੋੜ ਮੇਲੇ ਸਬੰਧੀ ਮੀਟਿੰਗ ਹੋਈ



### 4 ਜੁਲਾਈ ਦਿਨ ਸ਼ਨੀਵਾਰ ਨੂੰ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ ਸਾਲਾਨਾ ਜੋੜ ਮੇਲਾ: ਪ੍ਰਧਾਨ ਜਥੇਦਾਰ ਤਰਲੋਚਨ ਸਿੰਘ ਸੋਹਲ

ਸਰਾਏ ਅਮਾਨਤ ਖਾਂ, 16 ਜੂਨ (ਆਵਾਜ਼ਿ ਕੌਮ ਬਿਊਰੋ)- ਗੁਰਦੁਆਰਾ ਜਨਮ ਅਸਥਾਨ ਬਾਬਾ ਸੈਣ ਭਗਤ ਜੀ ਸੋਹਲ ਠੱਠੀ, ਜ਼ਿਲ੍ਹਾ ਤਰਨਤਾਰਨ ਵਿਖੇ 4 ਜੁਲਾਈ, ਦਿਨ ਸ਼ਨੀਵਾਰ 20 ਹਾੜ ਨੂੰ ਬਾਬਾ ਸੈਣ ਭਗਤ ਜੀ ਦੇ ਵਿਆਹ ਪੁਰਬ ਸਲਾਨਾ ਜੋੜ ਮੇਲੇ ਸਬੰਧੀ ਪ੍ਰਬੰਧਕ ਕਮੇਟੀ, ਪੰਚਾਇਤਾਂ, ਮੋਹਤਬਰ ਅਤੇ ਨਗਰ ਨਿਵਾਸੀਆਂ ਦੀ ਅਹਿਮ ਮੀਟਿੰਗ ਹੋਈ। ਦੇਸ਼-ਵਿਦੇਸ਼ ਤੋਂ ਆਉਣ ਵਾਲੀਆਂ ਸੰਗਤਾਂ ਲਈ ਆਵਾਜਾਈ, ਰਹਾਇਸ਼, ਜੋੜਾ ਘਰ, ਸਾਈਕਲ-ਮੋਟਰਸਾਈਕਲ ਸਟੈਂਡ, ਕਾਰ ਪਾਰਕਿੰਗ ਦੇ ਪ੍ਰਬੰਧ ਲੰਗਰਾਂ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਉਣ ਸਬੰਧੀ ਵਿਚਾਰ, ਵੱਖ-ਵੱਖ ਸੇਵਾਦਾਰਾਂ ਨੂੰ ਡਿਊਟੀਆਂ ਸੌਂਪੀਆਂ ਗਈਆਂ, 2 ਜੁਲਾਈ ਵੀਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ, ਭੋਗ 4 ਜੁਲਾਈ ਨੂੰ। ਉਪਰੰਤ ਧਾਰਮਿਕ ਦੀਵਾਨ 'ਚ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰੀ ਜਥੇ ਹਾਜ਼ਰੀ ਭਰਨਗੇ। ਪੰਥ ਦੀਆਂ ਧਾਰਮਿਕ ਤੇ ਪੰਥਕ ਜਥੇਬੰਦੀਆਂ ਦੇ ਆਗੂ ਵੀ ਪਹੁੰਚਣਗੇ। ਸ਼ਾਮ ਨੂੰ ਪੰਜਾਬ ਦੀਆਂ ਨਾਮਵਰ ਕਬੱਡੀ ਟੀਮਾਂ ਵਿਚਕਾਰ ਪ੍ਰਦਰਸ਼ਨੀ ਮੈਚ। ਭਾਈ ਤਰਲੋਚਨ ਸਿੰਘ ਸੋਹਲ ਜੀ ਨੇ ਸਮੂਹ ਸੰਗਤਾਂ ਨੂੰ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਪ੍ਰਧਾਨ ਤਰਲੋਚਨ ਸਿੰਘ ਮੈਂਬਰ ਹੁਸਨਦੀਪ ਸਿੰਘ, ਅਮਰਜੀਤ ਸਿੰਘ, ਮਖਤੂਲ ਸਿੰਘ, ਰਾਜਵੰਤ ਸਿੰਘ, ਚੈਨਲ ਸਿੰਘ, ਹਰਦੀਪ ਸਿੰਘ ਬਿੱਟੂ, ਗੁਰਪ੍ਰੀਤ ਸਿੰਘ ਗੋਪੀ, ਸਰਪੰਚ ਰਣਜੋਤ ਸਿੰਘ, ਸਰਪੰਚ ਗੁਰਦੇਵ ਸਿੰਘ ਫੌਜੀ ,ਪੰਚਾਇਤ ਮੈਂਬਰ ਤਾਰ ਸਿੰਘ, ਬੂਟਾ ਸਿੰਘ,ਗੁਰਸੇਵਕ ਸਿੰਘ, ਕਸ਼ਮੀਰ ਸਿੰਘ, ਕਰਮਜੀਤ ਸਿੰਘ, ਹਰਜੀਤ ਸਿੰਘ, ਗੁਰਪਾਲ ਸਿੰਘ ਹੈਪੀ ਦਿੱਲੀ, ਸੇਵਾਦਾਰ ਬੱਬੂ ਸੰਧੂ, ਸਰਮੁਖ ਸਿੰਘ, ਨਿਸ਼ਾਨ ਸਿੰਘ,ਚਰਨਜੀਤ ਸਿੰਘ ਹੈਪੀ, ਸ਼ੇਰਾ ਆਦਿ ਹਾਜਰ ਸਨ।

# ਖੰਨਾ ਵਿੱਚ ਵੋਟਰ ਸੂਚੀ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ ਸੁਪਰਵਾਈਜ਼ਰਾਂ ਅਤੇ ਬੀ.ਐਲ.ਓਜ਼ ਦੀ ਹੋਈ ਟਰੇਨਿੰਗ

### ਬੀ.ਐਲ.ਓਜ਼ ਵੱਲੋਂ 25 ਜੂਨ ਤੋਂ ਘਰ-ਘਰ ਜਾ ਕੇ ਭਰੇ ਜਾਣਗੇ ਵੋਟਰ ਗਣਨਾ ਫਾਰਮ: ਐਸ.ਡੀ.ਐਮ. ਸਵਾਤੀ ਟਿਵਾਣਾ

ਖੰਨਾ, 16 ਜੂਨ (ਆਵਾਜ਼ਿ ਕੌਮ ਬਿਊਰੋ)- ਉਪ ਮੰਡਲ ਮੈਜਿਸਟਰੇਟ, ਖੰਨਾ ਸ੍ਰੀਮਤੀ ਸਵਾਤੀ ਟਿਵਾਣਾ ਵਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਭਾਰਤ ਚੋਣ ਕਮਿਸ਼ਨ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) ਦਾ ਕੰਮ 15 ਜੂਨ 2026 ਤੋ ਸ਼ੁਰੂ ਹੋ ਰਿਹਾ ਹੈ, ਜਿਸ ਦੌਰਾਨ ਤਿਆਰੀ, ਸਿਖਲਾਈ, ਪ੍ਰਿੰਟਿੰਗ, ਗਣਨਾ ਫਾਰਮ, ਪੋਲਿੰਗ ਸਟੇਸ਼ਨਾਂ ਦਾ ਤਰਕਸੰਗਤੀਕਰਨ/ਮੁੜ-ਵਿਵਸਥਾ, ਕੰਟਰੋਲ ਟੇਬਲ ਦਾ ਅੱਪਡੇਟ ਅਤੇ ਡਾਰਫਟ ਰੋਲ ਦੀ ਤਿਆਰੀ, ਡਰਾਫਟ ਵੋਟਰ ਸੂਚੀ ਦਾ ਪ੍ਰਕਾਸ਼ਨ, ਦਾਅਵੇ ਅਤੇ ਇਤਰਾਜ਼, ਨੋਟਿਸ ਜਾਰੀ, ਸੁਣਵਾਈ, ਤਸਦੀਕ ਅਤੇ ਵੋਟਰ ਸੂਚੀ ਦਾ ਅੰਤਿਮ ਪ੍ਰਕਾਸ਼ਨ ਆਦਿ ਪੂਰਵ ਸੁਧਾਈ ਅਤੇ ਸੁਧਾਈ ਗਤੀਵੀਧੀਆਂ ਮੁਕੰਮਲ ਕੀਤੀਆਂ ਜਾਣੀਆਂ ਹਨ। ਇਸ ਦੇ ਸਬੰਧ ਵਿੱਚ ਏ.ਐਸ. ਗਰਲਜ਼ ਕਾਲਜ, ਅਮਲੋਹ ਰੋਡ ਖੰਨਾ ਵਿਖੇ ਸੁਪਰਵਾਈਜਰ ਅਤੇ ਬੀ.ਐਲ.ਓਜ਼ ਦੀ ਟਰੇਨਿੰਗ ਰੱਖੀ ਗਈ। ਇਸ ਟਰੇਨਿੰਗ ਦੌਰਾਨ ਉਪ ਮੰਡਲ ਮੈਜਿਸਟਰੇਟ ਅਤੇ ਅਸੈਂਬਲੀ ਲੈਵਲ ਮਾਸਟਰ ਟਰੇਨਰਾਂ ਵੱਲੋਂ ਸਹਾਇਕ ਚੋਣ ਰਜਿਸਟਰੇਸ਼ਨ ਅਫਸਰਾਂ, 057 ਖੰਨਾ ਦੇ ਸੁਪਰਵਾਈਜਰ ਅਤੇ ਬੀ.ਐਲ.ਓਜ਼ ਨੂੰ ਵੋਟਰ ਸੂਚੀ ਦੀ ਸਪੈਸ਼ਲ ਇਨਟੈਂਸਿਵ ਰਵੀਜ਼ਨ (ਐਸ.ਆਈ.ਆਰ) ਪ੍ਰਕਿਰਿਆ ਅਤੇ ਗਣਨਾ ਫਾਰਮ ਭਰਨ ਦੇ ਤਰੀਕੇ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਉਨ੍ਹਾਂ ਨੂੰ ਫਾਰਮ ਵਿੱਚ ਦਰਜ ਕੀਤੇ ਜਾਣ ਵਾਲੇ ਵੇਰਵਿਆ, ਲੋੜੀਂਦੇ ਦਸਤਾਵੇਜਾਂ ਅਤੇ ਆਨਲਾਈਨ ਅਪਲੋਡਿੰਗ ਪ੍ਰਕਿਰਿਆ ਤੋ ਵੀ ਜਾਣੂ ਕਰਵਾਇਆ ਗਿਆ। ਉਪ ਮੰਡਲ ਮੈਜਿਸਟਰੇਟ ਖੰਨਾ ਸ੍ਰੀਮਤੀ ਸਵਾਤੀ ਟਿਵਾਣਾ ਨੇ ਕਿਹਾ ਕਿ ਐਸ.ਆਈ.ਆਰ ਦਾ ਮੁੱਖ ਉਦੇਸ਼ ਵੋਟਰ ਸੂਚੀ ਨੂੰ 100 ਪ੍ਰਤੀਸ਼ਤ ਸ਼ੁੱਧ ਅਤੇ ਅੱਪਡੇਟ ਕਰਨਾ ਹੈ। ਇਸ ਲਈ ਹਰੇਕ ਬੀ.ਐਲ.ਓ ਵੱਲੋ 25 ਜੂਨ ਤੋਂ 24 ਜੁਲਾਈ 2026 ਤੱਕ ਆਪਣੇ-ਆਪਣੇ ਬੂਥ ਖੇਤਰ ਵਿੱਚ ਘਰ-ਘਰ ਜਾ ਕੇ ਗਣਨਾ ਫਾਰਮ ਭਰਨ ਦਾ ਕੰਮ ਪੂਰੀ ਤਨਦੇਹੀ ਅਤੇ ਨਿਰਪੱਖਤਾ ਨਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਫਾਰਮ ਭਰਨ ਸਮੇਂ ਕਿਸੇ ਵੀ ਯੋਗ ਵੋਟਰ ਦਾ ਨਾਮ ਛੁੱਟਣ ਨਾ ਦਿੱਤਾ ਜਾਵੇ ਅਤੇ ਕੋਈ ਵੀ ਗਲਤ ਜਾਣਕਾਰੀ ਦਰਜ ਨਾ ਕੀਤੀ ਜਾਵੇ।

### ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਹੁਸ਼ਿਆਰਪੁਰ ਵੱਲੋਂ ਸ਼ਾਮ ਦੇ ਕੀਰਤਨ ਸਮਾਗਮ ਦੀ ਲੜੀ ਸੰਪਨ

ਹੁਸ਼ਿਆਰਪੁਰ, 16 ਜੂਨ (ਆਵਾਜ਼ਿ ਕੌਮ ਬਿਊਰੋ)- ਸ਼ਹੀਦਾਂ ਦੇ ਸਰਤਾਜ ਪੰਚਮ ਪਾਤਸ਼ਾਹ ਧੰਨ ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੇ ਸ਼ਹੀਦੀ ਪਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਵੱਲੋਂ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਲਾਇਲ, ਮੀਤ ਪ੍ਰਧਾਨ ਭਾਈ ਚਰਨਜੀਤ ਸਿੰਘ ਦੀ ਦੇਖ ਰੇਖ ਹੇਠ ਸ਼ਾਮ ਦੇ ਅਖੰਡ ਕੀਰਤਨ ਸਮਾਗਮਾਂ ਦੀ ਆਰੰਭੀ ਲੜੀ ਗੁਰਦੁਆਰਾ ਕਲਗੀਧਰ ਚਰਨ ਪਵਨ ਹੁਸ਼ਿਆਰਪੁਰ ਵਿਖ਼ੇ ਸੰਪੂਰਨ ਹੋ ਗਈ, ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਜੁਗ ਅਟੱਲ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਸੰਧਿਆ ਵੇਲੇ ਦੇ ਨਿਤਨੇਮ ਦੀ ਬਾਣੀ ਸ੍ਰੀ ਰਹਿਰਾਸ ਸਾਹਿਬ ਦੇ ਜਾਪ ਉਪਰੰਤ ਆਰੰਭ ਹੋਏ ਇਸ ਕੀਰਤਨ ਸਮਾਗਮ ਵਿੱਚ ਭਾਈ ਹਰਚੰਦ ਸਿੰਘ ਜੇਟੀਓ, ਭਾਈ ਕੁਲਦੀਪ ਸਿੰਘ ਜਲੰਧਰ,ਭਾਈ ਦਵਿੰਦਰ ਸਿੰਘ ਬਹਾਦਰਪੁਰ,ਭਾਈ ਹਰਦੀਪ ਸਿੰਘ,ਭਾਈ ਰਮਨਦੀਪ ਸਿੰਘ ਪ੍ਰਿੰਸ, ਭਾਈ ਦਵਿੰਦਰ ਸਿੰਘ ਪੀਡਬਲਿਓਡੀ, ਭਾਈ ਅਵਤਾਰ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਚਰਨਜੀਤ ਸਿੰਘ,ਭਾਈ ਯੁੱਧਵੀਰ ਸਿੰਘ,ਭਾਈ ਅੰਮ੍ਰਿਤਪ੍ਰੀਤ ਸਿੰਘ, ਭਾਈ ਦਿਲਪ੍ਰੀਤ ਸਿੰਘ, ਬੀਬੀ ਕੁਲਵਿੰਦਰ ਕੌਰ,ਕਮਲਪ੍ਰੀਤ ਕੌਰ, ਭਾਈ ਜਸਕੀਰਤ ਸਿੰਘ ਬੀਬੀ ਰਵਿੰਦਰ ਕੌਰ, ਭਾਈ ਗੁਰਪ੍ਰੀਤ ਸਿੰਘ, ਭਾਈ ਜਗਦੀਸ਼ ਸਿੰਘ ਅਤੇ ਹੋਰ ਜਥਿਆਂ ਵੱਲੋਂ ਧੁਰ ਕੀ ਬਾਣੀ ਦਾ ਰਸ ਭਿੰਨਾ ਕੀਰਤਨ ਕੀਤਾ ਗਿਆ, ਇਸ ਮੌਕੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਵੱਲੋਂ ਸੇਵਾ ਕਰਵਾਉਣ ਵਾਲੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਸੁਰਜੀਤ ਸਿੰਘ ਕਾਲਕਟ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਭਾਈ ਅਵਤਾਰ ਸਿੰਘ ਲਾਇਲ ਅਤੇ ਭਾਈ ਚਰਨਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਮਹਾਨ ਨਗਰ ਕੀਰਤਨ 17 ਜੂਨ ਦਿਨ ਬੁੱਧਵਾਰ ਨੂੰ ਬਾਅਦ ਦੁਪਿਹਰ 3 ਵਜੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਤੋਂ ਆਰੰਭ ਹੋਣਗੇ ਜੋ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ ਤੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖ਼ੇ ਸੰਪੂਰਨ ਹੋਣਗੇ, ਇਸ ਤੋਂ ਇਲਾਵਾ 18 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਦੁਪਹਿਰ 2 ਵਜੇ ਤੱਕ ਦਿਵਸ ਸੁਹੇਲਾ ਕੀਰਤਨ ਸਮਾਗਮ ਅਤੇ ਕੇਂਦਰੀ ਸ਼ਹੀਦੀ ਅਖੰਡ ਕੀਰਤਨ ਸਮਾਗਮ ਸ਼ਾਮ ਨੂੰ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਆਰੰਭ ਹੋਣਗੇ ਜੋ ਅੰਮ੍ਰਿਤ ਵੇਲੇ ਤੱਕ ਜਾਰੀ ਰਹਿਣਗੇ, ਇਸ ਮੌਕੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ, ਉਨ੍ਹਾਂ ਸਮੂੰਹ ਸੰਗਤਾਂ ਨੂੰ ਇਨ੍ਹਾਂ ਸ਼ਹੀਦੀ ਸਮਾਗਮਾਂ ਵਿੱਚ ਹਾਜ਼ਰੀਆਂ ਭਰਨ ਦੀ ਅਪੀਲ ਕੀਤੀ, ਇਸ ਸਮਾਗਮ ਦੌਰਾਨ ਮੰਚ ਸੰਚਾਲਨ ਭਾਈ ਹਰਚੰਦ ਸਿੰਘ ਜੇਟੀਓ ਵੱਲੋਂ ਕੀਤਾ ਗਿਆ, ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ, ਸੰਤ ਅਜੀਤ ਸਿੰਘ ਮਿੱਠਾ ਟਿਵਾਣਾ, ਹੈੱਡ ਗ੍ਰੰਥੀ ਭਾਈ ਸਰਬਜੀਤ ਸਿੰਘ,ਗੁਰਬਿੰਦਰ ਸਿੰਘ ਪਲਾਹਾ ਪ੍ਰਧਾਨ ਤੇ ਪ੍ਰਿੰ ਬਲਵੀਰ ਸਿੰਘ ਸੈਣੀ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਹੁਸ਼ਿਆਰਪੁਰ ਅਤੇ ਹੋਰ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਹੋਈਆਂ ।ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।

"ੴ ਸਤਿਗੁਰ ਪ੍ਰਸਾਦਿ ॥"

# ਖੇਡਾਂ ਸਲੇਮ ਪੁਰ ਮਸੰਦਾ ਦੀਆਂ

## ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਂਮੈਂਟ

**24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।**

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ............10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ............9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸ਼ੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ , ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਹੀਵਾੜਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ । ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| | ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦੀਆ ਹੋਇਆ 8 ਕਲੱਬਾ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਉਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿੱਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾਂ ਇਨਾਮ | ਦੂਸਰਾ ਇਨਾਮ | ਤੀਸਰਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੰਦਰੇ ਦੀ ਕੁਸ਼ਤੀ ਗਗਨ ਖੰਨਾ ਅਤੇ ਇਕਬਾਲ ਇਰਾਨ ਵਿਚ ਹੋਵੇਗੀ । ਛੋਟੇ ਵੱਡੇ ਅਖਾੜਿਆ ਦੀਆਂ ਕੁਸ਼ਤੀਆ ਕਰਵਾਇਆ ਜਾਣਗੀਆ ।



ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।

55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000- 11000 ਹਜ਼ਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।



24 ਜੂਨ ਦਿੱਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ । ਉਮਰ 15 ਸਾਲ ਤੱਕ ਪਹਿਲਾ ਇਨਾਮ-5100, ਦੂਸਰਾ ਇਨਾਮ-4100, ਤੀਜਾ ਇਨਾਮ-3100 ਰੁਪਏ ਦਿੱਤੇ ਜਾਣਗੇ । ਉਮਰ 21 ਸਾਲ ਤੱਕ ਪਹਿਲਾ ਇਨਾਮ-7100, ਦੂਸਰਾ ਇਨਾਮ-6100 ਰੁਪਏ ਦਿੱਤੇ ਜਾਣਗੇ ।



24 ਜੂਨ ਦਿੱਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ । ਪਹਿਲਾ ਇਨਾਮ- ਦੂਸਰਾ ਇਨਾਮ-20000, ਤੀਜਾ ਇਨਾਮ-15000, ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ ਹਰੇਕ ਦੌੜਣ ਵਾਲੀ ਜੋੜੀ ਨੂੰ 3100-3100 ਰੁਪਏ ਦਿੱਤੇ ਜਾਣਗੇ ।



ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ

### ਜੌਹਲ ਹਸਪਤਾਲ

ਵਲੋ ਖਿਡਾਰੀਆ ਅਤੇ ਬਾਹਰੋ ਆਏ ਦਰਸ਼ਕਾ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜ਼ਦੀਕ ਕਰਵਾਇਆ ਜਾਵੇਗਾ ।**

ਜ਼ਰੂਰੀ ਸ਼ਰਤਾ : 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ। 2. ਪੰਜ ਖਿਡਾਰੀਆ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ ਤੇ ਜੇ ਕੋਈ ਟੀਮ ਇਤਰਾਜ਼ ਕਰਦੀ ਹੈ ਤਾਂ ਖਿਡਾਰੀ ਦਾ ਭਾਰ ਦੁਆਰਾ ਤੋਲਿਆ ਜਾਵੇਗਾ। 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰੱਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋ ਬਾਹਰ ਕੱਢ ਦਿੱਤਾ ਜਾਵੇਗਾ । 5. ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ । 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ਼ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋ ਕੱਢੇ ਜਾਣਗੇ ।



ਰੱਸਾ-ਕੱਸੀ ਕਲੱਬ ਮਿਤੀ 28-6-2026 ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ ਵਿਖਾਏ ਜਾਣਗੇ । malwatv

**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਦੱਖਣ ਵੱਲ ਹੈ ।**


**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੌੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**